PAIGAM-E-JAGAT

ਪੈ.ਗਾਮ-ਏ-ਜਗਤ

Title code : CHAMUL00914 | E-mail : Info@paigamejagat.com | ਐਤਵਾਰ, 8 ਨਵੰਬਰ 2026, ਸਾਲ-4, ਅੰਕ-14, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

Kharar Diwali Suppliment 2026

A.P.J.SMART SCHOOL

(A purely English Medium Educational Institution)
Ward No. 16, Sector 4, Mundi Kharar - 140301. Phone : 9878961498, 8427861498
Email : apjsmartschool@gmail.com
(Affiliated to CBSE)



Jasvir Chander

















LAUDABLE ACHIEVEMENTS OF THE SCHOOL

1. Drafted Recommendation by Smriti Zubin Irani, the Minister Human Resource Development, Govt of India for the Academic Excellence in CBSE results
2. Certificate of Recognition issued by Govt of India, Ministry, youth affairs & sports as a Fit India School.
3. The ALUMINI of this institute are successfully commissioned in Future as IAS, CAs, Doctor, Engineers etc...
4. Young Sportsman of APJ excel in the field of Sports & Games such as selection in RANJI TROPHY.
5. Bundles of Laurels are Brought by Students, make APJ number one in sports, academics, cleanliness, atmosphere, strength Discipline , English speaking , advanced Technology, highly qualified faculty & possessing high standard of education.
6. 100% Result in Board Exams.
7. Provides Meritorious & Competent student of the society. These Student later get admission to reputed national & inter- National Institutions.





ਮੈਂ ਧਨਵਾਦ ਕਰਦੀ ਹਾਂ ਉਨਾ ਦਾਨੀ ਸੱਜਣਾ ਦਾ ਜਿਹਨਾ ਨੇ ਮੇਰਾ ਇਸ ਸੱਪਲੀਮੈਂਟ ਵਿੱਚ ਕੱਡਣ ਦਾ ਸਾਥ ਦਿੱਤਾ ਤੇ ਆਸ ਕਰਦੀ ਹਾਂ ਅੱਗੇ ਵੀ ਦਿੰਦੇ ਆਵੋਗੇ।
ਦਵਿੰਦਰ ਕੌਰ
ਪੱਤਰਕਾਰ (ਖਰੜ)
8054776810
9915246110












98782-10750
62808-03008

Chacha Dhaba
- Veg & Non Veg-

ਸਾਡੇ ਵੱਲੋਂ ਬੰਦੀ ਛੋਡ ਦਿਵਸ
ਅਤੇ ਦੀਵਾਲੀ
ਦੀਆਂ ਲੱਖ ਲੱਖ ਵਧਾਈਆਂ

Booth No - 8 Gilco Valley
Mohali. Punjab



Pratham Dhall- 80029-80079





ਪਰਮਿੰਦਰ ਸਿੰਘ ਸੋਨਾ ਤੋਲੇ ਮਾਜਰਾ ਸੀਨੀਅਰ ਕਾਂਗਰਸੀ ਆਗੂ ਹਲਕਾ ਖਰੜ





Khushwant Rai Gigga
Halka kharar
Protocol sectretary punjab bjp













PAIGAM-E-JAGAT

ਅਦਾਰਾ 'ਪੈ਼ਗਾਮ-ਏ-ਜਗਤ' ਵਲੋਂ ਸਮੂਹ ਦੇਸ਼ ਵਾਸੀਆਂ ਨੂੰ 'ਦੀਵਾਲੀ' ਦੀਆਂ ਮੁਬਾਰਕਾਂ

ਪੈ਼ਗਾਮ-ਏ-ਜਗਤ

Title code : CHAMUL00914 | E-mail : Info@paigamejagat.com | ਐਤਵਾਰ, 8 ਨਵੰਬਰ 2026, ਸਾਲ-4, ਅੰਕ-14, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਦੀਵਾਲੀ ਵਿਸ਼ੇਸ਼ ਅੰਕ · DIWALI SUPPLEMENT

PAIGAM-E-JAGAT

ਅਦਾਰਾ ਪੈ਼ਗਾਮ-ਏ-ਜਗਤ

ਸ਼ੁਭ ਦੀਪਾਵਲੀ
NOVEMBER 2026

ਰੌਸ਼ਨੀ ਅਤੇ ਖੁਸ਼ਹਾਲੀ ਦਾ ਪ੍ਰਤੀਕ: ਦੀਵਾਲੀ ਦਾ ਤਿਉਹਾਰ

ਅੱਜ ਸਮੁੱਚੇ ਭਾਰਤ ਅਤੇ ਵਿਦੇਸ਼ਾਂ ਵਿਚ ਦੂਰ-ਦੁਰਾਡੇ ਵਸਦੇ ਭਾਰਤੀਆਂ ਲਈ ਖੁਸ਼ੀਆਂ ਖੇੜੇ ਮਨਾਉਣ ਦਾ ਦਿਨ, ਦੀਵਾਲੀ ਦਾ ਪਵਿੱਤਰ ਤਿਉਹਾਰ ਹੈ। ਇਹ ਤਿਉਹਾਰ ਹਨੇਰੇ ਉਪਰ ਰੌਸ਼ਨੀ, ਅਗਿਆਨਤਾ ਉਪਰ ਗਿਆਨ ਤੇ ਬਦੀ ਉਪਰ ਨੇਕੀ ਦੀ ਜਿੱਤ ਦਾ ਪ੍ਰਤੀਕ ਹੈ। ਆਉ ਸਾਰੇ ਰਲ ਕੇ ਸਮਾਜ ਵਿਚ ਫੈਲੀਆਂ ਕੁਰੀਤੀਆਂ, ਅਗਿਆਨਤਾ ਤੇ ਬੁਰਾਈਆਂ ਨੂੰ ਦੂਰ ਭਜਾਈਏ। ਇਸ ਪਵਿੱਤਰ ਤਿਉਹਾਰ ਨੂੰ ਸ਼ਾਂਤੀ, ਖੁਸ਼ੀ ਤੇ ਪਿਆਰ ਨਾਲ ਮਨਾਈਏ।

ਅਦਾਰਾ "ਪੈ਼ਗਾਮ-ਏ-ਜਗਤ" ਵਲੋਂ ਸਾਰੇ ਪਾਠਕਾਂ ਤੇ ਦੇਸ਼ਵਾਸੀਆਂ ਨੂੰ ਇਸ ਸ਼ੁਭ ਦਿਨ ਦੀਆਂ ਦਿਲੋਂ ਵਧਾਈਆਂ!!


— ਅਦਾਰਾ ਪੈ਼ਗਾਮ-ਏ-ਜਗਤ ਦੀ ਸਮੂਹ ਟੀਮ

ਅਸ਼ੀਰਵਾਦ
WITH THE BLESSINGS OF


Sh. Jagat Ram


Sh. Ram Parkash

ਪ੍ਰਬੰਧਕੀ ਟੀਮ
MANAGEMENT


Surinder Pal Jhall


Davinder Kumar

ਸਾਡੀ ਸਹਿਯੋਗੀ ਟੀਮ · Our Team


Joginder Pal


Lakhwinder Kumar


Paramjit S Parwana


Dr Daljit Ajnoha



Hari Krishan


Gurjit Singh Billa


Davinder Kaur



Rajinder Kumar


Rajneesh Luthra


Rakesh Sharma


Ashutosh Sharma


Chandan Sharma


Desraj Bali


Jaspreet Singh


Parveen Walia


Gurbaksh Mahe

Happy Diwali ◆ **ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ** ◆ *Paigam-E-Jagat*

PAIGAM-E-JAGAT

ਪੈ.ਗਾਮ ਏ ਜਗਤ

ਅਦਾਰਾ 'ਪੈ.ਗਾਮ-ਏ-ਜਗਤ' ਵਲੋਂ ਸਮੂਹ ਦੇਸ਼ ਵਾਸੀਆਂ ਨੂੰ 'ਦੀਵਾਲੀ' ਦੀਆਂ ਮੁਬਾਰਕਾਂ

Title code : CHAMUL00914 | E-mail : Info@paigamejagat.com | ਐਤਵਾਰ, 8 ਨਵੰਬਰ 2026, ਸਾਲ-4, ਅੰਕ-14, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਭਾਰਤੀ ਹਵਾਈ ਸੈਨਾ ਨੇ ਵਿਸ਼ਵ ਰਿਕਾਰਡ ਕਾਇਮ ਕੀਤਾ

ਭਾਰਤੀ ਹਵਾਈ ਸੈਨਾ ਦੇ ਆਈਐਲ-76 ਜਹਾਜ਼ ਦੀ ਚੀਨ ਸਰਹੱਦ ਦੇ ਨੇੜੇ ਨਯੋਮਾ ਵਿਖੇ ਲੈਂਡਿੰਗ

- ਐਲਏਸੀ ਤੋਂ ਸਿਰਫ਼ 40 ਕਿਲੋਮੀਟਰ ਦੂਰ ਹੈ ਨਿਓਮਾ
- 45 ਟਨ ਤੱਕ ਭਾਰ ਲਿਜਾਣ ਦੇ ਸਮਰੱਥ ਹੈ ਆਈਐਲ-76

ਚੰਡੀਗੜ੍ਹ, 7 ਨਵੰਬਰ
(ਪੈ.ਗਾਮ-ਏ-ਜਗਤ)

ਭਾਰਤੀ ਹਵਾਈ ਸੈਨਾ ਨੇ ਆਪਣੀ ਰਣਨੀਤਕ ਸਮਰੱਥਾ ਦੇ ਖੇਤਰ ਵਿੱਚ ਇੱਕ ਵੱਡੀ ਉਪਲਬਧੀ ਹਾਸਲ ਕੀਤੀ ਹੈ। ਹਵਾਈ ਸੈਨਾ ਦੇ ਭਾਰੀ ਮਾਲਵਾਹਕ ਜਹਾਜ਼ ਆਈਐਲ-76MD ਨੇ ਚੀਨ ਦੀ ਸਰਹੱਦ ਨੇੜੇ ਪੂਰਬੀ ਲੱਦਾਖ ਦੇ ਨਿਓਮਾ ਏਅਰਫੀਲਡ 'ਤੇ ਸਫਲਤਾਪੂਰਵਕ ਲੈਂਡਿੰਗ ਕੀਤੀ ਹੈ। ਇਸ ਦੇ ਨਾਲ ਹੀ ਇਸ ਜਹਾਜ਼ ਨੇ ਦੁਨੀਆ ਵਿੱਚ ਹੁਣ ਤੱਕ ਦੀ ਸਭ ਤੋਂ ਵੱਧ ਉਚਾਈ 'ਤੇ ਉਤਰਨ ਦਾ ਰਿਕਾਰਡ ਬਣਾਇਆ ਹੈ। ਹਵਾਈ ਸੈਨਾ ਨੇ ਸ਼ਨੀਵਾਰ ਨੂੰ ਇਸ ਸਬੰਧੀ ਜਾਣਕਾਰੀ ਸਾਂਝੀ ਕੀਤੀ।

ਹਵਾਈ ਸੈਨਾ ਨੇ ਸੋਸ਼ਲ ਮੀਡੀਆ 'ਤੇ ਦੱਸਿਆ ਕਿ ਇਹ ਉਪਲਬਧੀ ਜਹਾਜ਼ ਦੀ ਲੰਬੇ ਸਮੇਂ ਤੋਂ ਸਾਬਤ ਹੋ ਚੁੱਕੀ ਸਮਰੱਥਾ ਦੇ ਨਾਲ-ਨਾਲ ਇਸ ਦੇ ਚਾਲਕ ਦਲ ਦੇ ਬੇਮਿਸਾਲ ਹੁਨਰ, ਸਟੀਕਤਾ ਅਤੇ ਪੇਸ਼ੇਵਰ ਕੁਸ਼ਲਤਾ ਦਾ ਸ਼ਾਨਦਾਰ ਪ੍ਰਦਰਸ਼ਨ ਹੈ। ਹਵਾਈ ਸੈਨਾ



ਅਨੁਸਾਰ, ਇਸ ਨਾਲ ਭਾਰਤ ਦੀ ਰਣਨੀਤਕ ਹਵਾਈ ਆਵਾਜਾਈ ਸਮਰੱਥਾ ਹੋਰ ਮਜ਼ਬੂਤ ਹੋਵੇਗੀ। ਨਿਓਮਾ ਦੱਖਣੀ ਲੱਦਾਖ ਵਿੱਚ ਸਥਿਤ ਇੱਕ ਨਵਾਂ ਏਅਰਫੀਲਡ ਹੈ, ਜੋ ਅਸਲ ਕੰਟਰੋਲ ਰੇਖਾ ਤੋਂ ਲਗਭਗ 40 ਕਿਲੋਮੀਟਰ ਦੂਰ ਹੈ। ਇਹ ਏਅਰਫੀਲਡ ਪਿਛਲੇ ਸਾਲ ਬਣ ਕੇ ਤਿਆਰ ਹੋਇਆ ਸੀ। ਇੱਥੇ ਕਰੀਬ ਤਿੰਨ ਕਿਲੋਮੀਟਰ ਲੰਬਾ ਕੰਕਰੀਟ ਦਾ ਰਨਵੇ ਬਣਾਇਆ ਗਿਆ ਹੈ, ਜਿਸ ਦਾ ਨਿਰਮਾਣ ਸੀਮਾ ਸੜਕ ਸੰਗਠਨ ਦੇ ਪ੍ਰੋਜੈਕਟ ਹਿਮਾਂਕ ਵੱਲੋਂ ਕੀਤਾ ਗਿਆ ਹੈ। ਇਸ ਨੂੰ ਬੇਹੱਦ ਘੱਟ ਤਾਪਮਾਨ ਅਤੇ ਮੁਸ਼ਕਲ ਮੌਸਮੀ ਹਾਲਾਤਾਂ ਵਿੱਚ ਵੀ ਜਹਾਜ਼ਾਂ ਦੇ ਸੰਚਾਲਨ ਦੇ ਅਨੁਕੂਲ ਬਣਾਇਆ ਗਿਆ ਹੈ। ਇੱਥੇ ਤਾਪਮਾਨ ਮਨਫ਼ੀ 40 ਡਿਗਰੀ ਸੈਲਸੀਅਸ ਤੱਕ ਪਹੁੰਚ ਜਾਂਦਾ ਹੈ। ਨਿਓਮਾ ਸਮੁੰਦਰ ਤਲ ਤੋਂ ਲਗਭਗ 13,700 ਫੁੱਟ ਦੀ ਉਚਾਈ 'ਤੇ ਸਥਿਤ ਹੈ। (ਬਾਕੀ ਸਫ਼ਾ 2 'ਤੇ)

ਮਾਨ ਸਰਕਾਰ ਵੱਲੋਂ ਕੰਪਿਊਟਰ ਅਧਿਆਪਕਾਂ ਨੂੰ ਦੀਵਾਲੀ ਦਾ ਤੋਹਫ਼ਾ

ਮਹਿੰਗਾਈ ਭੱਤੇ ਵਿੱਚ 40% ਦਾ ਇਤਿਹਾਸਕ ਵਾਧਾ ਕੀਤਾ

ਚੰਡੀਗੜ੍ਹ, 7 ਨਵੰਬਰ
(ਪੈ.ਗਾਮ-ਏ-ਜਗਤ)

ਮੁਲਾਜ਼ਮਾਂ ਦੇ ਹਿੱਤ ਵਿੱਚ ਵੱਡਾ ਕਦਮ ਚੁੱਕਦਿਆਂ ਭਗਵੰਤ ਮਾਨ ਸਰਕਾਰ ਨੇ 6,507 ਕੰਪਿਊਟਰ ਅਧਿਆਪਕਾਂ ਦੇ ਮਹਿੰਗਾਈ ਭੱਤੇ ਵਿੱਚ ਇਤਿਹਾਸਕ 40 ਫ਼ੀਸਦੀ ਵਾਧੇ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਦੇ ਨਾਲ ਹੀ ਸਮੱਗਰ ਸਿੱਖਿਆ ਤਹਿਤ ਕੰਮ ਕਰ ਰਹੇ 1,007 ਗੈਰ-ਅਧਿਆਪਨ ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਵੀ ਰੈਗੂਲਰ ਕਰ ਦਿੱਤਾ ਗਿਆ ਹੈ। ਸਰਕਾਰ ਨੇ ਇਸ ਨੂੰ ਮੁਲਾਜ਼ਮਾਂ ਲਈ ਦੀਵਾਲੀ ਦਾ ਤੋਹਫ਼ਾ ਦੱਸਿਆ ਹੈ।

ਇਸ ਸਬੰਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਦੀਵਾਲੀ ਦੇ



ਸ਼ੁਭ ਮੌਕੇ 'ਤੇ ਪੰਜਾਬ ਸਰਕਾਰ ਨੇ ਆਪਣੇ ਮੁਲਾਜ਼ਮਾਂ ਲਈ ਵੱਡੇ ਲਾਭਾਂ ਦਾ ਐਲਾਨ ਕੀਤਾ ਹੈ। ਸਰਕਾਰ ਨੇ 6,507 ਕੰਪਿਊਟਰ ਅਧਿਆਪਕਾਂ (ਪਿਕਟਸ) ਦੇ ਮਹਿੰਗਾਈ ਭੱਤੇ ਵਿੱਚ ਇਤਿਹਾਸਕ 40 ਫ਼ੀਸਦੀ ਵਾਧੇ ਨੂੰ ਮਨਜ਼ੂਰੀ ਦਿੱਤੀ ਹੈ, ਜਿਸ ਨਾਲ ਇਹ 181 ਫ਼ੀਸਦੀ ਤੋਂ ਵਧ ਕੇ 221 ਫ਼ੀਸਦੀ ਹੋ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਸਮੱਗਰ ਸਿੱਖਿਆ ਤਹਿਤ ਕੰਮ ਕਰ ਰਹੇ 1,007 ਗੈਰ-ਅਧਿਆਪਨ ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਵੀ ਰੈਗੂਲਰ ਕਰ ਦਿੱਤਾ ਹੈ। ਇਸ ਫ਼ੈਸਲੇ ਨਾਲ ਇਨ੍ਹਾਂ ਮੁਲਾਜ਼ਮਾਂ ਨੂੰ ਵਧੇਰੇ ਸੁਰੱਖਿਆ ਮਿਲੇਗੀ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਨੇ ਹੁਣ ਇਨ੍ਹਾਂ ਕਰਮਚਾਰੀਆਂ ਨੂੰ ਤਨਖ਼ਾਹ ਨਾਲ ਸਬੰਧਤ ਲਾਭ ਦੇਣ ਦਾ ਵੀ ਫ਼ੈਸਲਾ ਕੀਤਾ ਹੈ। ਸਰਕਾਰ ਆਪਣੇ ਮੁਲਾਜ਼ਮਾਂ ਦੀ ਭਲਾਈ ਅਤੇ ਉਨ੍ਹਾਂ ਦੇ ਸੁਰੱਖਿਅਤ ਭਵਿੱਖ ਲਈ ਪੂਰੀ ਤਰ੍ਹਾਂ ਵਚਨਬੱਧ ਹੈ। (ਬਾਕੀ ਸਫ਼ਾ 2 'ਤੇ)


ਕਾਨ੍ਹ ਦੀ ਨਗਰੀ ਵਿੱਚ ਦੀਵਿਆਂ ਦਾ ਉਤਸਵ

2,100 ਸਵਦੇਸ਼ੀ ਡਰੋਨਾਂ ਨੇ ਅਸਮਾਨ ਨੂੰ ਰੁਸ਼ਨਾਇਆ

- ਅਯੁੱਧਿਆ: ਡਰੋਨ ਸ਼ੋਅ ਰਾਹੀਂ ਅਯੁੱਧਿਆ ਦੀ ਪੂਰੀ ਗਾਥਾ ਸਾਕਾਰ ਹੋਈ

ਅਯੁੱਧਿਆ, 7 ਨਵੰਬਰ
(ਪੈ.ਗਾਮ-ਏ-ਜਗਤ)

ਸ਼ਨੀਵਾਰ ਨੂੰ 'ਦੀਪੋਤਸਵ 2026' ਦੇ ਜਸ਼ਨਾਂ ਦੌਰਾਨ, ਭਗਵਾਨ ਰਾਮ ਦੀ ਨਗਰੀ ਦਾ ਅਸਮਾਨ ਰਾਮਾਇਣ ਦੇ ਦ੍ਰਿਸ਼ਾਂ ਨਾਲ ਸਜਿਆ ਹੋਇਆ ਸੀ। ਉੱਤਰ ਪ੍ਰਦੇਸ਼ ਸੈਰ-ਸਪਾਟਾ ਵਿਭਾਗ ਦੁਆਰਾ ਆਯੋਜਿਤ ਇੱਕ ਡਰੋਨ ਸ਼ੋਅ ਵਿੱਚ, 2,100 ਸਵਦੇਸ਼ੀ ਡਰੋਨਾਂ ਨੇ ਰੌਸ਼ਨੀ ਅਤੇ ਰੰਗਾਂ ਦੀ ਵਰਤੋਂ ਕਰਕੇ ਰਾਮਾਇਣ ਨੂੰ ਜੀਵੰਤ ਕਰ ਦਿੱਤਾ—ਜਿਸ ਵਿੱਚ ਭਗਵਾਨ ਰਾਮ ਦੀ ਵੀਰਤਾ ਭਰਪੂਰ



ਮੁਦਰਾ, ਰਾਵਣ ਦੀ ਹਾਰ ਅਤੇ 'ਪੁਸ਼ਪਕ ਵਿਮਾਨ' (ਦੈਵੀ ਰੱਥ) ਨੂੰ ਦਰਸਾਇਆ ਗਿਆ।

ਅਸਮਾਨ ਵਿੱਚ 'ਰਾਮ ਦਰਬਾਰ', ਲਕਸ਼ਮਣ ਅਤੇ ਹਨੂੰਮਾਨ ਦੀਆਂ ਵੀਰਤਾ ਭਰਪੂਰ ਮੁਦਰਾਵਾਂ, ਅਤੇ ਰਾਮ ਜਨਮਭੂਮੀ ਮੰਦਰ ਦਾ ਇੱਕ ਸ਼ਾਨਦਾਰ ਚਿੱਤਰਣ ਵੀ ਦੇਖਣ ਨੂੰ ਮਿਲਿਆ। ਇਸ ਪੇਸ਼ਕਾਰੀ ਵਿੱਚ ਮਹਾਰਿਸ਼ੀ ਵਾਲਮੀਕਿ ਅਤੇ ਗੋਸਵਾਮੀ ਤੁਲਸੀਦਾਸ ਦੀਆਂ ਆਕ੍ਰਿਤੀਆਂ ਵੀ ਸ਼ਾਮਲ ਸਨ—ਉਹ ਮਹਾਨ ਰਿਸ਼ੀ ਜਿਨ੍ਹਾਂ ਨੇ ਭਗਵਾਨ ਰਾਮ ਦੀ ਕਥਾ ਨੂੰ ਸੁਰੱਖਿਅਤ ਰੱਖਿਆ ਅਤੇ ਪੀੜ੍ਹੀ-ਦਰ-ਪੀੜ੍ਹੀ ਅੱਗੇ ਪਹੁੰਚਾਇਆ। ਸੰਗੀਤ ਅਤੇ ਕਥਾ-ਵਾਚਨ ਦੇ ਨਾਲ, ਡਰੋਨਾਂ ਦੁਆਰਾ ਬਣਾਈਆਂ ਗਈਆਂ ਵੱਖ-ਵੱਖ (ਬਾਕੀ ਸਫ਼ਾ 2 'ਤੇ)

ਪੀ.ਐਮ. ਮੋਦੀ ਵੱਲੋਂ ਦੇਸ਼ ਵਾਸੀਆਂ ਨੂੰ ਦੀਵਾਲੀ ਦੀਆਂ ਵਧਾਈਆਂ

ਚੰਡੀਗੜ੍ਹ, 7 ਨਵੰਬਰ
(ਪੈ.ਗਾਮ-ਏ-ਜਗਤ)

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਦੀਵਾਲੀ ਦੇ ਤਿਉਹਾਰ ਮੌਕੇ ਦੇਸ਼ ਵਾਸੀਆਂ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਆਪਣੇ ਅਧਿਕਾਰਤ ਖਾਤੇ ਰਾਹੀਂ ਇਕ ਵੀਡੀਓ ਸਾਂਝੀ ਕਰਦਿਆਂ ਲੋਕਾਂ ਨੂੰ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਮੋਦੀ ਨੇ ਵੀਡੀਓ ਨਾਲ ਸੰਦੇਸ਼ ਲਿਖਿਆ, 'Have a great Diwali!' ਪ੍ਰਧਾਨ ਮੰਤਰੀ ਨੇ ਆਪਣੇ ਸੰਦੇਸ਼ ਵਿੱਚ ਦੀਵਾਲੀ ਨੂੰ ਹਨੇਰੇ 'ਤੇ ਚਾਨਣ, ਬੁਰਾਈ 'ਤੇ ਚੰਗਿਆਈ ਅਤੇ ਨਿਰਾਸ਼ਾ 'ਤੇ ਉਮੀਦ ਦੀ ਜਿੱਤ ਦਾ ਪ੍ਰਤੀਕ ਦੱਸਿਆ। ਉਨ੍ਹਾਂ ਕਿਹਾ ਕਿ ਇਹ ਤਿਉਹਾਰ ਭਾਰਤ ਦੀਆਂ ਅਮੀਰ



ਸੱਭਿਆਚਾਰਕ ਪਰੰਪਰਾਵਾਂ ਅਤੇ ਵਿਰਾਸਤ ਨੂੰ ਦਰਸਾਉਂਦਾ ਹੈ। ਇਹ ਮੌਕਾ ਲੋਕਾਂ ਨੂੰ ਆਪਸੀ ਪਿਆਰ, ਭਾਈਚਾਰੇ ਅਤੇ ਸਾਂਝ ਦੀ ਭਾਵਨਾ ਮਜ਼ਬੂਤ ਕਰਨ ਦੀ ਪ੍ਰੇਰਨਾ ਵੀ ਦਿੰਦਾ ਹੈ। ਪ੍ਰਧਾਨ ਮੰਤਰੀ ਨੇ ਕਾਮਨਾ ਕੀਤੀ ਕਿ ਦੀਵਾਲੀ ਦਾ ਤਿਉਹਾਰ ਹਰ ਘਰ ਵਿੱਚ ਖ਼ੁਸ਼ੀਆਂ, ਸ਼ਾਂਤੀ ਅਤੇ ਖ਼ੁਸ਼ਹਾਲੀ ਲੈ ਕੇ ਆਵੇ। ਉਨ੍ਹਾਂ ਲੋਕਾਂ ਨੂੰ ਸਕਾਰਾਤਮਕ ਸੋਚ (ਬਾਕੀ ਸਫ਼ਾ 2 'ਤੇ)

ਲਾਰੈਂਸ ਬਿਸ਼ਨੋਈ ਗੈਂਗ ਦਾ ਕਰੀਬੀ 'ਹੈਰੀ ਬਾਕਸਰ' ਅਮਰੀਕਾ 'ਚ ਗ੍ਰਿਫ਼ਤਾਰ

ਨਵੀਂ ਦਿੱਲੀ, 7 ਨਵੰਬਰ
(ਪੈ.ਗਾਮ-ਏ-ਜਗਤ)

ਲਾਰੈਂਸ ਬਿਸ਼ਨੋਈ ਗੈਂਗ ਦੇ ਸਰਗਰਮ ਮੈਂਬਰ ਅਤੇ ਹਰਿਆਣਾ ਦੇ 'ਮੋਸਟ ਵਾਂਟੇਡ' ਗੈਂਗਸਟਰ 'ਹੈਰੀ ਬਾਕਸਰ' ਨੂੰ ਅਮਰੀਕਾ ਵਿੱਚ ਹਿਰਾਸਤ ਵਿੱਚ ਲੈ ਲਿਆ ਗਿਆ ਹੈ। ਉਸਦਾ ਅਸਲੀ ਨਾਮ ਹਰੀਚੰਦ ਜਾਟ ਦੱਸਿਆ ਜਾ ਰਿਹਾ ਹੈ। ਸੂਤਰਾਂ ਅਨੁਸਾਰ, ਦਿੱਲੀ ਪੁਲਿਸ ਦੇ ਸਪੈਸ਼ਲ ਸੈੱਲ ਅਤੇ ਹਰਿਆਣਾ ਪੁਲਿਸ ਦੀ ਸਪੈਸ਼ਲ ਟਾਸਕ ਫੋਰਸ ਵੱਲੋਂ ਦਿੱਤੀ ਗਈ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਅਮਰੀਕੀ ਅਧਿਕਾਰੀਆਂ ਨੇ ਉਸਨੂੰ ਕੈਲੀਫੋਰਨੀਆ ਤੋਂ ਕਾਬੂ ਕੀਤਾ ਹੈ।

ਸੂਤਰਾਂ ਦਾ ਕਹਿਣਾ ਹੈ ਕਿ ਵਿਦੇਸ਼ ਵਿੱਚ ਬੈਠ ਕੇ 'ਹੈਰੀ ਬਾਕਸਰ' ਲਾਰੈਂਸ ਬਿਸ਼ਨੋਈ ਗੈਂਗ ਦੇ ਫਿਰੌਤੀ ਦੇ ਨੈੱਟਵਰਕ ਨੂੰ ਚਲਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਸੀ। ਉਹ ਰਾਜਸਥਾਨ ਦੇ ਕੋਟਪੁਤਲੀ-ਬਹਿਰੋੜ ਜ਼ਿਲ੍ਹੇ ਦੇ ਬਾਂਸੁਰ ਇਲਾਕੇ ਦਾ ਰਹਿਣ ਵਾਲਾ ਹੈ। ਜੈਪੁਰ ਵਿੱਚ ਬਾਕਸਿੰਗ ਦੀ ਸਿਖਲਾਈ ਲੈਣ ਕਾਰਨ ਉਸਦਾ ਨਾਮ 'ਬਾਕਸਰ' ਪੈ ਗਿਆ। ਅਪਰਾਧ ਦੀ ਦੁਨੀਆ ਵਿੱਚ ਆਉਣ ਤੋਂ ਪਹਿਲਾਂ, ਉਹ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਦਾ ਸੀ ਅਤੇ ਬਾਕਸਿੰਗ ਕੋਚ ਵਜੋਂ ਵੀ ਕੰਮ ਕਰ ਚੁੱਕਾ ਸੀ। ਉਸ 'ਤੇ ਕਤਲ, ਕਤਲ ਦੀ ਕੋਸ਼ਿਸ਼, ਹਮਲਾ, ਗੋਲੀਬਾਰੀ ਦੀਆਂ ਘਟਨਾਵਾਂ



ਅਤੇ ਵਪਾਰੀਆਂ ਨੂੰ ਫਿਰੌਤੀ ਲਈ ਧਮਕੀਆਂ ਦੇਣ ਸਮੇਤ ਕਈ ਅਪਰਾਧਿਕ ਮਾਮਲੇ ਦਰਜ ਹਨ। ਦਿੱਲੀ, ਰਾਜਸਥਾਨ, ਪੰਜਾਬ ਅਤੇ ਹਰਿਆਣਾ ਵਿੱਚ ਵੱਖ-ਵੱਖ ਮਾਮਲਿਆਂ ਵਿੱਚ ਉਸਦਾ ਨਾਮ ਸਾਹਮਣੇ ਆ ਚੁੱਕਾ ਹੈ। 'ਹੈਰੀ ਬਾਕਸਰ' ਦਾ ਨਾਮ ਕੈਨੇਡਾ ਵਿੱਚ ਕਾਮੇਡੀਅਨ ਕਪਿਲ ਸ਼ਰਮਾ ਦੇ ਕੈਫੇ 'ਤੇ ਹੋਈ ਗੋਲੀਬਾਰੀ ਦੀ ਘਟਨਾ ਨਾਲ ਵੀ ਜੁੜਿਆ ਸੀ। ਇਸ ਤੋਂ ਇਲਾਵਾ, ਉਸ 'ਤੇ ਫਿਲਮ ਨਿਰਦੇਸ਼ਕ ਰੋਹਿਤ ਸ਼ੈੱਟੀ ਅਤੇ ਅਦਾਕਾਰ ਰਣਵੀਰ ਸਿੰਘ ਤੇ ਤੁਸ਼ਾਰ ਕਪੂਰ ਨੂੰ ਧਮਕੀਆਂ ਦੇਣ ਦਾ ਵੀ ਦੋਸ਼ ਹੈ। ਸੂਤਰਾਂ ਮੁਤਾਬਕ, (ਬਾਕੀ ਸਫ਼ਾ 2 'ਤੇ)

ਮਾਨਸਾ 'ਚ ਦਰਦਨਾਕ ਹਾਦਸਾ

ਟਰੈਕਟਰ-ਬਾਈਕ ਦੀ ਟੱਕਰ 'ਚ ਤਿੰਨ ਨੌਜਵਾਨਾਂ ਦੀ ਮੌਤ



ਮਾਨਸਾ, 7 ਨਵੰਬਰ
(ਪੈ.ਗਾਮ-ਏ-ਜਗਤ)

ਪੰਜਾਬ ਦੇ ਮਾਨਸਾ ਜ਼ਿਲ੍ਹੇ ਦੀ ਸਬ-ਡਵੀਜ਼ਨ ਸਰਦੂਲਗੜ੍ਹ ਦੇ ਪਿੰਡ ਜੋੜਕੀਆਂ ਵਿੱਚ ਟਰੈਕਟਰ ਅਤੇ ਮੋਟਰਸਾਈਕਲ ਵਿਚਾਲੇ ਹੋਈ ਭਿਆਨਕ ਟੱਕਰ ਵਿੱਚ ਬਾਈਕ ਸਵਾਰ ਤਿੰਨ ਨੌਜਵਾਨਾਂ ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਅੰਮ੍ਰਿਤਪਾਲ ਸਿੰਘ (25), ਹਰਭਜਨ ਸਿੰਘ (25) ਅਤੇ ਬਲਵਿੰਦਰ ਸਿੰਘ ਬੋਘਾ (30), ਵਾਸੀ ਪਿੰਡ ਜੋੜਕੀਆਂ ਵਜੋਂ ਹੋਈ ਹੈ। ਇਸ ਦਰਦਨਾਕ ਹਾਦਸੇ ਤੋਂ ਬਾਅਦ ਪੂਰੇ ਪਿੰਡ ਵਿੱਚ ਸੋਗ ਦੀ ਲਹਿਰ ਹੈ ਅਤੇ ਸੜਕ ਹਾਦਸੇ ਕਾਰਨ ਦੀਵਾਲੀ ਦੀਆਂ ਖ਼ੁਸ਼ੀਆਂ ਗਮ ਵਿੱਚ ਬਦਲ (ਬਾਕੀ ਸਫ਼ਾ 2 'ਤੇ)

ਫਰੀਦਾਬਾਦ ਵਿੱਚ ਸਨਸਨੀਖੇਜ਼ ਘਟਨਾ

ਟੈਕ ਮਹਿੰਦਰਾ ਦੇ ਸਾਬਕਾ ਅਧਿਕਾਰੀ ਦੀ 9 ਗੋਲੀਆਂ ਮਾਰ ਕੇ ਹੱਤਿਆ

- ਗੱਡੀ ਪਾਰਕ ਕਰਨ ਅਤੇ ਪਾਲਤੂ ਕੁੱਤੇ ਨੂੰ ਲੈ ਕੇ ਹੋਇਆ ਸੀ ਵਿਵਾਦ

ਚੰਡੀਗੜ੍ਹ, 7 ਨਵੰਬਰ
(ਪੈ.ਗਾਮ-ਏ-ਜਗਤ)

ਟੈਕ ਮਹਿੰਦਰਾ ਦੇ ਇੱਕ ਸਾਬਕਾ ਸੀਨੀਅਰ ਅਧਿਕਾਰੀ, ਜੋ ਸਿੰਗਾਪੁਰ ਵਿੱਚ ਰਹਿੰਦੇ ਸਨ ਅਤੇ ਪਰਿਵਾਰਕ ਵਿਆਹ ਵਿੱਚ ਸ਼ਾਮਲ ਹੋਣ ਲਈ ਸਿਰਫ਼ ਦੋ ਦਿਨ ਪਹਿਲਾਂ ਹੀ ਭਾਰਤ ਪਰਤੇ ਸਨ, ਦੀ ਸ਼ੁੱਕਰਵਾਰ ਰਾਤ ਫਰੀਦਾਬਾਦ ਵਿੱਚ ਉਨ੍ਹਾਂ ਦੇ ਘਰ ਦੇ ਬਾਹਰ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ। ਦੋਸ਼ ਹੈ ਕਿ ਗੱਡੀ ਪਾਰਕ ਕਰਨ ਅਤੇ ਇੱਕ ਪਾਲਤੂ ਕੁੱਤੇ ਨੂੰ ਲੈ ਕੇ ਹੋਏ ਵਿਵਾਦ ਤੋਂ ਬਾਅਦ ਇੱਕ ਗੁਆਂਢੀ ਨੇ ਉਨ੍ਹਾਂ 'ਤੇ ਗੋਲੀਆਂ ਚਲਾ ਦਿੱਤੀਆਂ।

ਪੁਲਿਸ ਅਨੁਸਾਰ, ਕੰਪਨੀ ਵਿੱਚ ਏਸ਼ੀਆ ਦੇ ਸਾਬਕਾ ਮੁਖੀ ਰਹੇ ਪਰਮਜੀਤ ਧਨਖੜ 'ਤੇ ਸੈਕਟਰ



21ਸੀ ਵਿੱਚ ਉਨ੍ਹਾਂ ਦੇ ਗੁਆਂਢੀ ਮੋਨੂੰ ਸ਼ਰਮਾ ਨੇ ਗੋਲੀਆਂ ਚਲਾਈਆਂ। ਦੋਸ਼ ਹੈ ਕਿ ਮੋਨੂੰ ਨੇ ਲਾਇਸੰਸਸ਼ੁਦਾ ਪਿਸਤੌਲ ਤੋਂ ਕਰੀਬ 15 ਗੋਲੀਆਂ ਚਲਾਈਆਂ। ਧਨਖੜ ਨੂੰ 9 ਗੋਲੀਆਂ ਲੱਗੀਆਂ ਅਤੇ ਉਨ੍ਹਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਦੋਵਾਂ ਪਰਿਵਾਰਾਂ ਵਿਚਕਾਰ ਗੱਡੀ ਪਾਰਕ ਕਰਨ ਅਤੇ ਗੁਆਂਢੀ ਦੇ ਕੁੱਤੇ ਵੱਲੋਂ ਅਕਸਰ ਪਾਰਕਿੰਗ ਵਾਲੀ ਥਾਂ ਨੂੰ ਗੰਦਾ ਕਰਨ ਨੂੰ ਲੈ ਕੇ ਵਿਵਾਦ ਚੱਲ ਰਿਹਾ ਸੀ। ਸ਼ੁੱਕਰਵਾਰ ਰਾਤ ਨੂੰ (ਬਾਕੀ ਸਫ਼ਾ 2 'ਤੇ)

ਈ-20 ਬਣਿਆ 420, ਜਨਤਾ ਦੀਆਂ ਕਾਰਾਂ 'ਚੋਂ ਪੈਟਰੋਲ ਦੀ ਚੋਰੀ': ਰਾਹੁਲ ਗਾਂਧੀ

- ਕਰਨਾਟਕ ਦੇ ਲੈਬ ਟੈਸਟਾਂ 'ਚ ਪੈਟਰੋਲ ਅੰਦਰ 31 ਫ਼ੀਸਦੀ ਤੋਂ ਵੱਧ ਇਥਾਨੋਲ ਮਿਲਣ ਦਾ ਦਾਅਵਾ


ਨਵੀਂ ਦਿੱਲੀ, 7 ਨਵੰਬਰ
(ਪੈ.ਗਾਮ-ਏ-ਜਗਤ)


ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਨੇ ਸ਼ਨੀਵਾਰ ਨੂੰ ਈ-20 ਪੈਟਰੋਲ ਦੀ ਸਪਲਾਈ ਨੂੰ ਲੈ ਕੇ ਮੋਦੀ ਸਰਕਾਰ 'ਤੇ ਨਿਸ਼ਾਨੇ ਸੇਧੇ ਹਨ। ਕਰਨਾਟਕ ਸਰਕਾਰ ਵੱਲੋਂ ਇਕੱਠੇ ਕੀਤੇ ਗਏ ਪੈਟਰੋਲ ਨਮੂਨਿਆਂ ਦੇ ਟੈਸਟ ਨਤੀਜਿਆਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਦੇਸ਼ ਭਰ ਵਿੱਚ ਵੇਚੇ ਜਾ ਰਹੇ ਈਂਧਨ ਵਿੱਚ ਇਥਾਨੋਲ ਦੀ ਅਸਲ ਮਾਤਰਾ ਬਾਰੇ ਸਥਿਤੀ ਤੁਰੰਤ ਸਪੱਸ਼ਟ ਕੀਤੀ ਜਾਵੇ। ਸੋਸ਼ਲ ਮੀਡੀਆ ਮੰਚ 'ਐਕਸ' 'ਤੇ ਹਿੰਦੀ ਵਿੱਚ ਪੋਸਟ ਸਾਂਝੀ ਕਰਦਿਆਂ ਗਾਂਧੀ



ਨੇ ਲਿਖਿਆ, "ਈ-20 ਬਣ ਗਿਆ 420- ਜਨਤਾ ਦੀਆਂ ਕਾਰਾਂ ਵਿੱਚੋਂ ਪੈਟਰੋਲ ਦੀ ਚੋਰੀ!"ਉਨ੍ਹਾਂ ਦਾ ਇਹ ਇਸ਼ਾਰਾ ਆਈਪੀਸੀ ਦੀ ਧੋਖਾਧੜੀ ਨਾਲ ਸਬੰਧਤ ਧਾਰਾ 420 ਵੱਲ ਸੀ।

ਰਾਹੁਲ ਗਾਂਧੀ ਨੇ ਦੋਸ਼ ਲਾਇਆ ਕਿ ਸਰਕਾਰ ਵੱਲੋਂ ਪੈਟਰੋਲ ਵਿੱਚ 20 ਫ਼ੀਸਦੀ ਇਥਾਨੋਲ ਮਿਲਾਉਣ ਦਾ ਦਾਅਵਾ ਕੀਤਾ ਜਾਂਦਾ ਹੈ, ਪਰ ਕਰਨਾਟਕ ਦੇ 7 ਜ਼ਿਲ੍ਹਿਆਂ ਵਿੱਚੋਂ ਲਏ ਗਏ ਨਮੂਨਿਆਂ ਦੀ ਜਾਂਚ ਦੌਰਾਨ ਇਹ ਮਾਤਰਾ ਤੈਅ ਹੱਦ ਤੋਂ ਕਿਤੇ ਵੱਧ ਪਾਈ ਗਈ ਹੈ। ਉਨ੍ਹਾਂ ਕਿਹਾ, "ਮਾਨਤਾ ਪ੍ਰਾਪਤ ਲੈਬਾਰਟਰੀ ਵਿੱਚ ਕਰਵਾਏ ਟੈਸਟਾਂ ਅਨੁਸਾਰ 14 ਵਿੱਚੋਂ 11 ਨਮੂਨਿਆਂ (ਬਾਕੀ ਸਫ਼ਾ 2 'ਤੇ)









ਖਾਲਸਾ ਕਾਲਜ ਮਾਹਿਲਪੁਰ ਵਿੱਚ ਜ਼ੋਨਲ ਯੁਵਕ ਅਤੇ ਵਿਰਾਸਤੀ ਮੇਲਾ ਯਾਦਗਾਰੀ ਹੋ ਨਿਬੜਿਆ

ਮੇਜ਼ਬਾਨ ਕਾਲਜ ਬਣਿਆਂ ਭੰਗੜੇ ਅਤੇ ਗਿੱਧੇ ਵਿੱਚ ਜ਼ੋਨਲ ਚੈਂਪੀਅਨ; ਓਵਰਆਲ ਟਰਾ.ਫੀ ’ਤੇ ਸਰਕਾਰੀ ਕਾਲਜ ਹੁਸ਼ਿਆਰਪੁਰ ਦਾ ਕਬਜ਼ਾ

• ਇੰਟਰ ਜ਼ੋਨਲ ਵੀ 10 ਤੋਂ 13 ਨਵੰਬਰ ਤੱਕ ਖਾਲਸਾ ਕਾਲਜ ਮਾਹਿਲਪੁਰ ਵਿੱਚ ਸਮਾਪਤ









ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਅਧੀਨ ਹੁਸ਼ਿਆਰਪੁਰ (ਜ਼ੋਨ -5) ਤਹਿਤ ਆਉਂਦੇ 30 ਕਾਲਜਾਂ ਦੇ ਵਿਦਿਆਰਥੀਆਂ ਦੀਆਂ ਵੱਖ ਵੱਖ ਸਿਰਜਣਾਤਮਿਕ, ਕਲਾਤਮਿਕ ਅਤੇ ਵਿਰਾਸਤੀ ਗਤੀਵਿਧੀਆਂ ਨਾਲ ਸਬੰਧਤ ਚਾਰ ਦਿਨ੍ਹਾਂ ਜ਼ੋਨਲ ਯੁਵਕ ਤੇ ਵਿਰਾਸਤੀ ਮੇਲਾ ਅੱਜ ਯਾਦਗਾਰੀ ਹੋ ਨਿਬੜਿਆ।

ਅੱਜ ਯੁਵਕ ਮੇਲੇ ਦੇ ਆਖ਼ਰੀ ਦਿਨ ਗਿੱਧਾ, ਭੰਗੜਾ , ਲੋਕ ਸੰਗੀਤ, ਕਵੀਸ਼ਰੀ, ਕਲੀ, ਵਾਰ ਸਮੇਤ ਵਿਰਾਸਤੀ ਕਲਾਵਾਂ ਦੇ ਪ੍ਰਦਰਸ਼ਨ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੌਕੇ ਮੁੱਖ ਮਹਿਮਾਨ ਵੱਜੋਂ ਹਾਜ਼ਰ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਵੱਖ ਵੱਖ ਮੁਕਾਬਲਿਆਂ ਵਿੱਚ ਜੇਤੂ ਵਿਦਿਆਰਥੀਆਂ ਨੂੰ ਇਨਾਮਾਂ ਦੀ ਵੰਡ ਕੀਤੀ ਅਤੇ ਪ੍ਰਬੰਧਕਾਂ ਨੂੰ ਅਜਿਹੇ ਯੁਵਕ ਮੇਲੇ ਦੇ ਸਫ਼ਲ ਆਯੋਜਨ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰ, ਮੈਨੇਜਰ ਇੰਦਰਜੀਤ ਸਿੰਘ ਭਾਰਟਾ, ਸਕੱਤਰ ਪ੍ਰੋ ਅਪਿੰਦਰ ਸਿੰਘ ਮਾਹਿਲਪੁਰੀ, ਖਜ਼ਾਨਚੀ ਵੀਰਇੰਦਰ ਸ਼ਰਮਾ, ਗੁਰਦਿਆਲ ਸਿੰਘ ਕਹਾਰਪੁਰ ਸਮੇਤ ਕੌਂਸਲ ਦੇ ਹੋਰ ਮੈਂਬਰਾਨ, ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਅਤੇ ਇਲਾਕੇ ਦੀਆਂ ਸਿੱਖਿਆ, ਧਰਮ, ਸਮਾਜ ਸੇਵਾ ਖੇਤਰ ਦੀਆਂ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਲੋਕ ਨਾਚ ਗਿੱਧਾ ਅਤੇ ਭੰਗੜਾ ਦੀ ਪੇਸ਼ਕਾਰੀਆਂ ਦੇਖਣ ਲਈ ਦਰਸ਼ਕਾਂ ਦਾ ਸੈਲਾਬ ਆ ਗਿਆ। ਲੋਕ ਨਾਚ ਗਿੱਧਾ ਦੇ ਮੁਕਾਬਲੇ ਵਿੱਚ ਖਾਲਸਾ ਕਾਲਜ ਮਾਹਿਲਪੁਰ ਨੇ ਪਹਿਲਾ, ਖਾਲਸਾ ਕਾਲਜ ਗੜ੍ਹਸ਼ੰਕਰ ਨੇ ਦੂਜਾ ਸਥਾਨ ਜਦਕਿ ਸਰਕਾਰੀ ਕਾਲਜ ਹੁਸ਼ਿਆਰਪੁਰ ਅਤੇ ਐੱਸਪੀਐੱਨ ਕਾਲਜ ਮੁਕੇਰੀਆਂ ਦੀ ਟੀਮ ਨੇ ਸਾਂਝੇ ਤੌਰ ’ਤੇ ਤੀਜਾ ਸਥਾਨ ਪ੍ਰਾਪਤ ਕੀਤਾ।

ਲੋਕ ਨਾਚ ਭੰਗੜੇ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਮਾਹਿਲਪੁਰ ਨੇ ਪਹਿਲਾ, ਸਰਕਾਰੀ ਕਾਲਜ ਹੁਸ਼ਿਆਰਪੁਰ ਨੇ ਦੂਜਾ ਅਤੇ ਐੱਸ ਪੀ ਐੱਨ ਕਾਲਜ ਮੁਕੇਰੀਆਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰਾਂ ਯੁਵਕ ਮੇਲੇ ਦੇ ਚਾਰ ਦਿਨ੍ਹਾਂ ਦੌਰਾਨ ਸਮੁੱਚੀਆਂ ਪ੍ਰਾਪਤੀਆਂ ਦੇ ਆਧਾਰ ’ਤੇ ਸਭ ਤੋਂ ਵੱਧ ਅੰਕ ਹਾਸਲ ਕਰਕੇ ਸਰਕਾਰੀ ਕਾਲਜ ਹੁਸ਼ਿਆਰਪੁਰ ਨੇ ਓਵਰਆਲ ਟਰਾਫੀ ’ਤੇ ਕਬਜ਼ਾ ਕੀਤਾ ਜਦਕਿ ਦੂਜੇ ਸਥਾਨ ’ਤੇ ਦਸ਼ਮੇਸ਼ ਗਰਲਜ਼ ਕਾਲਜ ਚੱਕਾ ਅੱਲਾ ਬਖ਼ਸ਼, ਮੁਕੇਰੀਆਂ ਅਤੇ ਤੀਜਾ ਸਥਾਨ ਮੇਜ਼ਬਾਨ ਕਾਲਜ ਖਾਲਸਾ ਕਾਲਜ ਮਾਹਿਲਪੁਰ ਨੂੰ ਪ੍ਰਾਪਤ ਹੋਇਆ। ਇਸ ਮੌਕੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ ਨੇ ਇਸ ਯੁਵਕ ਮੇਲੇ ਦੇ ਸ਼ਾਨਦਾਰ ਆਯੋਜਨ ਲਈ ਪੰਜਾਬ ਯੂਨੀਵਰਸਿਟੀ ਦੇ ਯੁਵਕ ਭਲਾਈ ਵਿਭਾਗ ਅਤੇ ਕਾਲਜ ਦੀ ਪ੍ਰਬੰਧਕੀ ਕਮੇਟੀ ਦਾ ਵਿਸ਼ੇਸ਼ ਧੰਨਵਾਦ ਕੀਤਾ ਉਨ੍ਹਾਂ ਜੇਤੂ ਟੀਮਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਇਨ੍ਹਾਂ ਟੀਮਾਂ ਨੂੰ ਮਿਤੀ 10 ਨਵੰਬਰ ਤੋਂ 13 ਨਵੰਬਰ ਤੱਕ ਇਸੇ ਕਾਲਜ ਵਿੱਚ ਹੋ ਰਹੇ ਇੰਟਰ ਜੋਨਲ ਯੁਵਕ ਅਤੇ ਵਿਰਾਸਤੀ ਮੇਲੇ ਵਿੱਚ ਭਰਵੀਂ ਸ਼ਮੂਲੀਅਤ ਦਾ ਸੱਦਾ ਦਿੱਤਾ। ਇਸ ਮੌਕੇ ਵੱਖ ਵੱਖ ਕਾਲਜਾਂ ਦੇ ਕੌਨਟੀਜੈਂਟ ਇੰਚਾਰਜਾਂ ਸਮੇਤ ਵੱਖ-ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੀਆਂ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਯੁਵਕ ਮੇਲੇ ਦੌਰਾਨ ਜਸਵੀਰ ਬੇਗਮਪੁਰੀ ਅਤੇ ਸੁਖਵਿੰਦਰ ਸਿੰਘ ਵੱਲੋਂ ਲਾਈ ਪੁਸਤਕਾਂ ਦੀ ਵਿਕਰੀ ਪ੍ਰਦਰਸ਼ਨੀ ਮੌਕੇ ਸਾਹਿਤ ਪਾਠਕਾਂ ਨੇ ਭਰਵਾਂ ਖਰੀਦਦਾਰੀ ਕੀਤੀ। ਇਸ ਮੌਕੇ ਖਾਣ ਪੀਣ ਦੇ ਸ਼ੁੱਧ ਰਵਾਇਤੀ ਪਦਾਰਥਾਂ ਦੇ ਲੱਗੇ ਸਟਾਲਾਂ ਪ੍ਰਤੀ ਵੀ ਦਰਸ਼ਕਾਂ ਦਾ ਉਤਸ਼ਾਹ ਬਰਕਰਾਰ ਰਿਹਾ।ਯੁਵਕ ਮੇਲੇ ਦੇ ਪ੍ਰਬੰਧਕੀ ਸਕੱਤਰ ਡਾ ਵਿਕਰਾਂਤ ਰਾਣਾ ਨੇ ਮੇਲੇ ਦੇ ਸਫ਼ਲ ਆਯੋਜਨ ਲਈ ਟੀਚਿੰਗ ਅਤੇ ਨਾਨ ਟੀਚਿੰਗ ਸਟਾਫ ਦਾ ਧੰਨਵਾਦ ਕੀਤਾ।

ਇਸ ਮੌਕੇ ਸੈਨੇਟ ਮੈਂਬਰ ਡਾ ਜਗਤਾਰ ਸਿੰਘ, ਪ੍ਰਿੰਸੀਪਲ ਸਵਿਤਾ ਗੁਪਤਾ, ਪ੍ਰਿੰਸੀਪਲ ਅਮਨਦੀਪ ਕੌਰ, ਅਰਵਿੰਦਰ ਸਿੰਘ ਹਵੇਲੀ, ਐਡਵੋਕੇਟ ਚਰਨਜੀਤ ਸਿੰਘ ਚੰਨੀ ਓ ਐੱਸ ਡੀ, ਸੁਰਿੰਦਰਪਾਲ ਝੱਲ, ਪ੍ਰਿੰਸੀਪਲ ਰਾਜਵਿੰਦਰ ਕੌਰ, ਗੁਰਵਿੰਦਰ ਕੈਂਡੋਵਾਲ, ਸੁਖਦੇਵ ਨਡਾਲੋਂ ਸਮੇਤ ਅਨੇਕਾਂ ਸ਼ਖ਼ਸੀਅਤਾਂ ਹਾਜ਼ਰ ਸਨ। ਮੰਚ ਦੀ ਕਾਰਵਾਈ ਡਾ ਜੇ ਬੀ ਸੇਖੋਂ,ਡਾ ਦੇਵ ਕੁਮਾਰ, ਡਾ ਦੀਪਕ ਅਤੇ ਡਾ ਬਲਵੀਰ ਕੌਰ ਨੇ ਚਲਾਈ।

ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਡਾਕੂਮੈਂਟਰੀ , ਨਿਹੋਲਕਾ ਅਤੇ ਰਤਨਗੜ੍ਹ ਸਿੰਬਲ ਵਿਖੇ ਦਿਖਾਈ ਗਈ

ਮਾਜਰੀ, 07 ਨਵੰਬਰ
(ਪੈ.ਗਾਮ-ਏ-ਜਗਤ)



ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਉਪਰਾਲੇ ਤਹਿਤ ਮਾਜਰੀ ਬਲਾਕ ਦੇ , ਨਿਹੋਲਕਾ ਅਤੇ ਰਤਨਗੜ੍ਹ ਸਿੰਬਲ ਵਿਖੇ ਐਲ.ਈ.ਡੀ. ਸਕਰੀਨ ਰਾਹੀਂ 30 ਮਿੰਟ ਦੀ ਵਿਸ਼ੇਸ਼ ਦਸਤਾਵੇਜ਼ੀ ਫਿਲਮ ਦਿਖਾਈ ਗਈ। ਇਸ ਸਬੰਧੀ ਉੱਪ ਮੰਡਲ ਮੈਜਿਸਟ੍ਰੇਟ, ਖਰੜ ਸ੍ਰੀ ਗੁਰਮੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਵਿਸ਼ੇਸ਼ ਡਾਕੂਮੈਂਟਰੀ ਪਿੰਡ-ਪਿੰਡ ਦਿਖਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ, ਤਾਂ ਜੋ ਗੁਰੂ ਸਾਹਿਬ ਜੀ ਦੇ ਜੀਵਨ, ਸਿੱਖਿਆਵਾਂ, ਵਿਚਾਰਧਾਰਾ ਅਤੇ ਸਮਾਜਿਕ ਬਰਾਬਰਤਾ ਦੇ ਸੰਦੇਸ਼ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਨੇ ਆਪਣੀ ਬਾਣੀ ਰਾਹੀਂ ਸਮੁੱਚੀ ਮਨੁੱਖਤਾ ਨੂੰ ਆਪਸੀ ਭਾਈਚਾਰੇ, ਸਮਾਨਤਾ, ਪ੍ਰੇਮ, ਸਦਭਾਵਨਾ ਅਤੇ ਮਾਨਵਤਾ ਦੀ ਸੇਵਾ ਦਾ ਸੰਦੇਸ਼ ਦਿੱਤਾ। ਉਨ੍ਹਾਂ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਨੂੰ ਜਾਤ-ਪਾਤ, ਭੇਦਭਾਵ ਅਤੇ ਸਮਾਜਿਕ ਕੁਰੀਤੀਆਂ ਤੋਂ ਦੂਰ ਰਹਿ ਕੇ ਇੱਕ ਸਮਾਨਤਾਵਾਦੀ ਸਮਾਜ ਦੀ ਸਿਰਜਣਾ ਕਰਨ ਲਈ ਪ੍ਰੇਰਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਇਸ ਡਾਕੂਮੈਂਟਰੀ ਰਾਹੀਂ ਲੋਕਾਂ ਨੂੰ ਗੁਰੂ ਸਾਹਿਬ ਦੇ ਜੀਵਨ ਅਤੇ ਫਲਸਫੇ ਬਾਰੇ ਜਾਣੂ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।

ਡੀ.ਸੀ. ਵੱਲੋਂ 12 ਗਾਈਡਾਂ ਨੂੰ ਰਾਜਪਾਲ ਪੁਰਸਕਾਰ ਦੇ ਸਰਟੀਫਿਕੇਟ ਪ੍ਰਦਾਨ

• ਭਾਰਤ ਸਕਾਊਟਸ ਐਂਡ ਗਾਈਡਜ਼ ਦੇ 77ਵੇਂ ਸਥਾਪਨਾ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਸਨਮਾਨ ਸਮਾਰੋਹ ਕਰਵਾਇਆ ਗਿਆ



ਊਨਾ, 7 ਨਵੰਬਰ
(ਪੈ.ਗਾਮ-ਏ-ਜਗਤ)

ਭਾਰਤ ਸਕਾਊਟਸ ਐਂਡ ਗਾਈਡਜ਼ ਦੇ 77ਵੇਂ ਸਥਾਪਨਾ ਦਿਵਸ ਦੇ ਮੌਕੇ ’ਤੇ ਸ਼ਨੀਵਾਰ ਨੂੰ ਡਿਪਟੀ ਕਮਿਸ਼ਨਰ ਦਫ਼ਤਰ ਊਨਾ ਵਿਖੇ ਜ਼ਿਲ੍ਹਾ ਪੱਧਰੀ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਜਤਿਨ ਲਾਲ ਨੇ ਜ਼ਿਲ੍ਹੇ ਦੀਆਂ 12 ਗਾਈਡਾਂ ਨੂੰ ਰਾਜਪਾਲ ਪੁਰਸਕਾਰ ਦੇ ਸਰਟੀਫਿਕੇਟ ਪ੍ਰਦਾਨ ਕਰਕੇ ਸਨਮਾਨਿਤ ਕੀਤਾ।

ਡਿਪਟੀ ਕਮਿਸ਼ਨਰ ਨੇ ਪੁਰਸਕਾਰ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਸਕਾਊਟਸ ਐਂਡ ਗਾਈਡਜ਼ ਲਹਿਰ ਨੌਜਵਾਨਾਂ ਵਿੱਚ ਅਗਵਾਈ ਦੀ ਸਮਰੱਥਾ, ਦੇਸ਼ ਭਗਤੀ ਅਤੇ ਨਿਸ਼ਕਾਮ ਸੇਵਾ ਦੀ ਭਾਵਨਾ ਵਿਕਸਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ। ਉਨ੍ਹਾਂ ਨੇ ਗਾਈਡਾਂ ਨੂੰ ਜੀਵਨ ਦੇ ਹਰ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਅਤੇ ਸਮਾਜ ਤੇ ਦੇਸ਼ ਦੇ ਨਿਰਮਾਣ ਵਿੱਚ ਸਰਗਰਮ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।

ਸਮਾਰੋਹ ਵਿੱਚ ਜ਼ਿਲ੍ਹਾ ਮੁੱਖ ਕਮਿਸ਼ਨਰ ਅਤੇ ਉੱਚ ਸਿੱਖਿਆ ਦੇ ਉਪ ਨਿਰਦੇਸ਼ਕ ਅਨਿਲ ਕੁਮਾਰ, ਜ਼ਿਲ੍ਹਾ ਸਕੱਤਰ ਪਵਨ ਕੁਮਾਰ, ਜ਼ਿਲ੍ਹਾ ਸੰਗਠਨ ਕਮਿਸ਼ਨਰ (ਗਾਈਡ) ਸੋਨੂ ਕੁਮਾਰੀ, ਜ਼ਿਲ੍ਹਾ ਸਿਖਲਾਈ ਕਮਿਸ਼ਨਰ (ਗਾਈਡ) ਮੋਨਿਕਾ ਰਾਣਾ, ਰੇਂਜਰ ਕਮਿਸ਼ਨਰ ਸ਼ਿਵਾਨੀ ਦੇਵੀ ਅਤੇ ਗਾਈਡ ਕੈਪਟਨ ਪਵਨ ਕੁਮਾਰੀ ਪਟਿਆਲ ਤੇ ਰਾਮਦੇਈ ਹਾਜ਼ਰ ਸਨ।

ਅਧਿਕਾਰੀਆਂ ਅਤੇ ਗਾਈਡ ਕੈਪਟਨਾਂ ਨੇ ਵੀ ਪੁਰਸਕਾਰ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਲਗਾਤਾਰ ਅੱਗੇ ਵਧਣ ਲਈ ਉਤਸ਼ਾਹਿਤ ਕੀਤਾ।

ਕਰਮਭੂਮੀ ਟਰੇਨ ਵਿਚ ਲੱਗੀ ਅੱਗ ਦੇ ਸਬੰਧ ਵਿਚ ਫੋਰੈਂਸਿਕ ਮਾਹਿਰਾਂ ਨੇ ਸਬੂਤ ਇਕੱਠੇ ਕੀਤੇ

ਪੈ.ਗਾਮ-ਏ-ਜਗਤ
ਅੰਬਾਲਾ, 7 ਨਵੰਬਰ (ਆਰ.ਸਿੰਘ)

ਸਰਹਿੰਦ-ਰਾਜਪੁਰਾ ਰੇਲ ਸੈਕਸ਼ਨ ਤੇ ਸਰਾਏ ਬੰਜਾਰਾ ਰੇਲਵੇ ਸਟੇਸ਼ਨ ਲਾਗੇ ਅੰਮ੍ਰਿਤਸਰ ਤੋਂ ਨਿਊ ਜਲਪਾਈਗੁੜੀ ਜਾ ਰਹੀ ਟਰੇਨ ਨੰਬਰ 12508 ਕਰਮਭੂਮੀ ਐਕਸਪ੍ਰੈੱਸ ਦੇ ਚਾਰ ਡੱਬਿਆਂ ਨੂੰ ਲੱਗੀ ਅੱਗ ਦੀ ਜਾਂਚ ਫੋਰੈਂਸਿਕ ਮਾਹਿਰਾਂ ਦੀ ਟੀਮ ਨੇ ਤੇਜ ਕਰ ਦਿੱਤੀ ਹੈ। ਇਸ ਫੋਰੈਂਸਿਕ ਟੀਮ ਵੱਲੋਂ ਪੇਸ਼ ਕੀਤੇ ਗਏ ਰਸਾਇਣਿਕ ਅਤੇ ਤਕਨੀਕੀ ਨਤੀਜਿਆਂ ਦੇ ਅਧਾਰ ਤੇ ਹੀ ਇਹ ਤੈਅ ਕੀਤਾ ਜਾਵੇਗਾ ਕਿ ਕੀ ਜਾਂਚ ਅੱਗੇ ਰੇਲਵੇ ਬੋਰਡ ਦੀ ਉੱਚ ਪੱਧਰੀ ਸੁਰੱਖਿਆ ਕਮੇਟੀ ਨੂੰ ਸੌਂਪੀ ਜਾਵੇਗੀ ਜਾਂ ਫਿਰ ਇਸ ਦੀ ਅਗਲੀ ਜਾਂਚ ਅੰਬਾਲਾ ਰੇਲਵੇ ਡਵੀਜ਼ਨ ਦੇ ਪ੍ਰਸ਼ਾਸਨਿਕ ਅਧਿਕਾਰੀ ਕਰਨਗੇ। ਇਹ ਸਾਰਾ ਕੁਝ ਫੋਰੈਂਸਿਕ ਟੀਮ ਦੀ ਰਿਪੋਰਟ ਦੇ ਨਿਰਭਰ ਕਰਦਾ ਹੈ। ਭਾਵੇਂ ਗੱਡੀ ਨੂੰ ਅੱਗ ਲੱਗਣ ਨਾਲ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਪਰੰਤੂ ਫਿਰ ਵੀ ਰੇਲਵੇ ਵੱਲੋਂ ਅੱਗ ਲੱਗਣ ਦੀ ਘਟਨਾ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ। ਇਹ ਦੇਖਿਆਂ ਜਾਵੇਗਾ ਕਿ ਇਹ ਘਟਨਾ ਕਿਸੇ ਮਾਨਵੀ ਲਾਪਰਵਾਹੀ ਦਾ ਨਤੀਜਾ ਤਾਂ ਨਹੀਂ।

ਸੂਤਰਾਂ ਅਨੁਸਾਰ ਫੋਰੈਂਸਿਕ ਸਾਇੰਸ ਲੈਬਾਰਟਰੀ ਦੇ ਮਾਹਿਰਾਂ ਦੀ ਇੱਕ ਟੀਮ ਸ਼ੁੱਕਰਵਾਰ ਦੇ ਹਾਦਸੇ ਤੋਂ ਤੁਰੰਤ ਬਾਅਦ ਮੌਕੇ ’ਤੇ ਪਹੁੰਚੀ ਅਤੇ ਸਬੂਤ ਇਕੱਠੇ ਕੀਤੇ। ਟੀਮ ਨੇ ਅੱਗ ਨਾਲ ਪ੍ਰਭਾਵਿਤ ਡੱਬਿਆਂ ਤੋਂ ਸੜੀ ਹੋਈ ਸਮਗਰੀ, ਰਾਖ, ਪਿਘਲੀ ਹੋਈ ਧਾਤ ਅਤੇ ਮਲਬੇ ਦੇ ਨਮੂਨੇ ਸੀਲ ਕਰ ਦਿੱਤੇ। ਜਾਂਚ ਮੁੱਖ ਤੌਰ ’ਤੇ ਇਹ ਨਿਰਧਾਰਿਤ ਕਰੇਗੀ ਕਿ ਕੀ ਅੱਗ ਲੱਗਣ ਲਈ ਪੈਟਰੋਲ, ਮਿੱਟੀ ਦਾ ਤੇਲ, ਡੀਜ਼ਲ, ਜਾਂ ਕੋਈ ਹੋਰ ਰਸਾਇਣਿਕ ਜਲਣਸ਼ੀਲ ਪਦਾਰਥ ਤਾਂ ਨਹੀਂ ਵਰਤਿਆ ਗਿਆ। ਰੇਲਗੱਡੀ ਦੇ ਪੱਖਿਆਂ ਅਤੇ ਅੰਦਰੂਨੀ ਤਾਰਾਂ ਵਿੱਚ ਸਪਾਰਕਿੰਗ ਜਾਂ ਬਿਜਲੀ ਦੇ ਸ਼ਾਰਟ ਸਰਕਟ ਦੀ ਸੰਭਾਵਨਾ ਦੀ ਜਾਂਚ ਕਰਨ ਲਈ ਰੇਲਵੇ ਤਕਨੀਕੀ ਅਤੇ ਬਿਜਲੀ ਮਾਹਿਰਾਂ ਦੀ ਇੱਕ ਵਿਸ਼ੇਸ਼ ਟੀਮ ਨੂੰ ਬੁਲਾਇਆ ਗਿਆ ਹੈ। ਜ਼ਿਕਰਯੋਗ ਹੈ ਕਿ ਇਹ ਹਾਦਸਾ ਦੁਪਹਿਰ 1:15 ਵਜੇ ਦੇ ਕਰੀਬ ਕਰਮਭੂਮੀ ਐਕਸਪ੍ਰੈੱਸ 12508 ’ਤੇ ਵਾਪਰਿਆ ਸੀ ਜੋ ਅੰਮ੍ਰਿਤਸਰ ਤੋਂ ਨਿਊ ਜਲਪਾਈਗੁੜੀ ਜਾ ਰਹੀ ਸੀ। ਅੰਬਾਲਾ ਰੇਲਵੇ ਡਵੀਜ਼ਨ ਦੇ ਮੈਨੇਜਰ (ਡੀਆਰਐਮ) ਵਿਨੋਦ ਭਾਟੀਆਂ ਦਾ ਕਹਿਣਾ ਹੈ ਕਿ ਸੂਚਨਾ ਮਿਲਣ ਤੋਂ ਤੁਰੰਤ ਬਾਅਦ ਇੱਕ ਦੁਰਘਟਨਾ ਰਾਹਤ ਰੇਲਗੱਡੀ ਮੌਕੇ ’ਤੇ ਪਹੁੰਚੀ। ਰੇਲਵੇ ਦੇ ਸੀਨੀਅਰ ਅਧਿਕਾਰੀਆਂ ਨੇ ਵੀ ਘਟਨਾ ਸਥਾਨ ਦਾ ਮੁਆਇਨਾ ਕੀਤਾ। ਖ਼ੁਸ਼ਕਿਸਮਤੀ ਨਾਲ ਇਸ ਹਾਦਸੇ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ।

ਜਾਅਲੀ ਵਪਾਰ ਦੇ ਨਾਮ ’ਤੇ 16 ਲੱਖ ਦੀ ਧੋਖਾਧੜੀ ਦੇ ਮਾਮਲੇ ਵਿੱਚ ਹੋਰ ਚਾਰ ਮੁਲਜ਼ਮ ਗ੍ਰਿ.ਫਤਾਰ

ਪੈ.ਗਾਮ-ਏ-ਜਗਤ
ਅੰਬਾਲਾ, 7 ਨਵੰਬਰ (ਆਰ.ਸਿੰਘ)

ਅੰਬਾਲਾ ਦੇ ਸਾਈਬਰ ਕ੍ਰਾਈਮ ਪੁਲੀਸ ਸਟੇਸ਼ਨ ਦੀ ਟੀਮ ਨੇ ਜਾਅਲੀ ਵਪਾਰ ਦੇ ਨਾਮ ’ਤੇ 16 ਲੱਖ ਰੁਪਏ ਦੀ ਧੋਖਾਧੜੀ ਦੇ ਮਾਮਲੇ ਵਿੱਚ ਚਾਰ ਹੋਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਜਦੋਂ ਕਿ ਇਸ ਮਾਮਲੇ ਵਿਚ। ਤਿੰਨ ਮੁਲਜ਼ਮਾਂ ਨੂੰ ਸਤੰਬਰ 2026 ਵਿੱਚ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਗਿਆ ਸੀ। ਇਸ ਮਾਮਲੇ ਵਿੱਚ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਕੁੱਲ ਗਿਣਤੀ ਹੁਣ ਸੱਤ ਹੋ ਗਈ ਹੈ।

ਮਾਮਲੇ ਦੇ ਜਾਂਚ ਅਧਿਕਾਰੀ ਸਬ-ਇੰਸਪੈਕਟਰ ਸੁਸ਼ੀਲ ਕੁਮਾਰ ਨੇ ਦੱਸਿਆ ਕਿ ਅੰਬਾਲਾ ਛਾਉਣੀ ਦੇ ਰਹਿਣ ਵਾਲੇ ਵਿਜੇ ਕੁਮਾਰ ਨੇ 7 ਦਸੰਬਰ, 2024 ਨੂੰ ਸਾਈਬਰ ਕ੍ਰਾਈਮ ਥਾਣੇ ਵਿੱਚ ਸ਼ਿਕਾਇਤ ਦਰਜ ਕਰਵਾਈ ਸੀ ਕਿ 10 ਅਕਤੂਬਰ, 2024 ਤੋਂ 19 ਨਵੰਬਰ, 2024 ਦੇ ਵਿਚਕਾਰ ਅਣਪਛਾਤੇ ਸਾਈਬਰ ਧੋਖਾਧੜੀ ਕਰਨ ਵਾਲਿਆਂ ਨੇ ਉਸ ਨੂੰ ਔਨਲਾਈਨ ਨਿਵੇਸ਼ਾਂ ਰਾਹੀਂ ਉੱਚ ਮੁਨਾਫ਼ੇ ਦਾ ਵਾਅਦਾ ਕਰਕੇ ਲਾਲਚ ਦਿੱਤਾ ਅਤੇ ਜਾਅਲੀ ਵਪਾਰ ਯੋਜਨਾ ਵਿੱਚ ਫਸਾ ਕੇ ਕੁੱਲ 16 ਲੱਖ ਰੁਪਏ ਦੀ ਠੱਗੀ ਮਾਰੀ।

ਸ਼ਿਕਾਇਤ ਦੇ ਆਧਾਰ ’ਤੇ ਮਾਮਲਾ ਦਰਜ ਕਰਨ ਤੋਂ ਬਾਅਦ ਸਾਈਬਰ ਕ੍ਰਾਈਮ ਪੁਲੀਸ ਜਾਂਚ ਸ਼ੁਰੂ ਕੀਤੀ ਅਤੇ ਤਕਨੀਕੀ ਸਰੋਤਾਂ ਤੇ ਉਪਲਬਧ ਸਬੂਤਾਂ ਦੇ ਆਧਾਰ ’ਤੇ ਚਾਰ ਹੋਰ ਮੁਲਜ਼ਮਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ। ਗ੍ਰਿਫ਼ਤਾਰ ਮੁਲਜ਼ਮਾਂ ਦੇ ਸਬੰਧ ਰਾਜਸਥਾਨ ਅਤੇ ਉੱਤਰ ਪ੍ਰਦੇਸ਼ ਨਾਲ ਹਨ। ਮੁਲਜ਼ਮਾਂ ਦੀ ਪਹਿਚਾਣ ਸੁਰਜੀਤ ਕੁਮਾਰ ਉਰਫ਼ ਮਾਨਸ, ਗਣੇਸ਼ ਕਾਲੋਨੀ, ਜੈਪੁਰ (ਰਾਜਸਥਾਨ) ਮੌਜੂਦਾ ਪਤਾ: ਸ਼੍ਰੀ ਸ਼ਿਆਮ ਵਾਟਿਕਾ, ਬਿੰਦਯਕਾ, ਜੈਪੁਰ (ਰਾਜਸਥਾਨ), ਸੂਰਜ ਸਰੋਜ - ਵਾਸੀ ਪਿੰਡ ਗੋਮਾਡੀਹ, ਲਾਲ ਗੰਜ (ਉੱਤਰ ਪ੍ਰਦੇਸ਼), ਤੇਜ ਪ੍ਰਤਾਪ ਸਿੰਘ - ਵਾਸੀ ਵਿਜੇ ਪੁਰ ਨਾਨੋਸਰ, ਬਿੰਦਯਕਾ, ਜੈਪੁਰ (ਰਾਜਸਥਾਨ) ਅਤੇ ਪ੍ਰਸ਼ਾਂਤ-ਵਾਸੀ ਹਨੂਮਾਨ ਐਨਕਲੇਵ, ਗੰਗਾ ਵਿਹਾਰ,ਨੇੜੇ ਮਹਾਰਿਸ਼ੀ ਅਰਵਿੰਦ ਕਾਲਜ, ਸਿਰਸੀ, ਜੈਪੁਰ (ਰਾਜਸਥਾਨ) ਵਜੋਂ ਹੋਈ ਹੇ। ਚਾਰੇ ਮੁਲਜ਼ਮਾਂ ਨੂੰ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਹੈ।

ਸ.ਫ਼ਾ 1 ਦਾ ਬਾਕੀ...

ਭਾਰਤੀ ਹਵਾਈ ਸੈਨਾ...

ਪਹਿਲਾਂ ਇੱਥੇ ਮੈਡੀਕਲ ਸਹੂਲਤਾਂ ਅਤੇ ਰਣਨੀਤਕ ਆਵਾਜਾਈ ਲਈ ਵਰਤੇ ਜਾਣ ਵਾਲੇ ਛੋਟੇ ਜਹਾਜ਼ਾਂ ਅਤੇ ਹੈਲੀਕਾਪਟਰਾਂ ਦਾ ਸੰਚਾਲਨ ਹੁੰਦਾ ਸੀ। ਹੁਣ ਇਸ ਨੂੰ ਇੱਕ ਪੂਰੀ ਤਰ੍ਹਾਂ ਵਿਕਸਿਤ ਏਅਰਬੇਸ ਵਜੋਂ ਤਿਆਰ ਕੀਤਾ ਗਿਆ ਹੈ, ਜਿੱਥੇ ਲੜਾਕੂ ਜਹਾਜ਼ ਵੀ ਉਡਾਣ ਭਰ ਸਕਦੇ ਹਨ।

ਆਈਐਲ-76 ਜਹਾਜ਼ ਨੂੰ 1980 ਦੇ ਦਹਾਕੇ ਦੇ ਮੱਧ ਵਿੱਚ ਭਾਰਤੀ ਹਵਾਈ ਸੈਨਾ ਵਿੱਚ ਸ਼ਾਮਲ ਕੀਤਾ ਗਿਆ ਸੀ। ਇਹ ਹਵਾਈ ਸੈਨਾ ਦੀ ਭਾਰੀ ਮਾਲਵਾਹਕ ਸਮਰੱਥਾ ਦਾ ਅਹਿਮ ਹਿੱਸਾ ਹੈ। ਇਹ ਜਹਾਜ਼ ਲਗਭਗ 45 ਟਨ ਤੱਕ ਭਾਰ ਲਿਜਾਣ ਦੇ ਸਮਰੱਥ ਹੈ। ਇਸ ਤੋਂ ਪਹਿਲਾਂ ਵੀ ਇਸ ਦੀ ਵਰਤੋਂ ਲੱਦਾਖ ਅਤੇ ਉੱਤਰ-ਪੂਰਬੀ ਭਾਰਤ ਦੇ ਦੁਰਗਮ ਇਲਾਕਿਆਂ ਵਿੱਚ ਟੈਂਕਾਂ, ਬਖ਼ਤਰਬੰਦ ਵਾਹਨਾਂ ਅਤੇ ਭਾਰੀ ਫੌਜੀ ਸਾਜ਼ੋ-ਸਾਮਾਨ ਪਹੁੰਚਾਉਣ ਲਈ ਕੀਤੀ ਜਾਂਦੀ ਰਹੀ ਹੈ।

ਹਵਾਈ ਸੈਨਾ ਦੇ ਆਈਐਲ-76 ਜਹਾਜ਼ ਨਿਯਮਿਤ ਤੌਰ ’ਤੇ ਲੇਹ ਅਤੇ ਥੋਇਸ ਵਿੱਚ ਰਸਦ ਪਹੁੰਚਾਉਣ ਲਈ ਉਡਾਨਾਂ ਭਰਦੇ ਹਨ। ਇਹ ਦੋਵੇਂ ਏਅਰਫੀਲਡ ਸਮੁੰਦਰ ਤਲ ਤੋਂ ਲਗਭਗ 10 ਹਜ਼ਾਰ ਫੁੱਟ ਦੀ ਉਚਾਈ ’ਤੇ ਸਥਿਤ ਹਨ। ਸ਼ਯੋਕ ਘਾਟੀ ਵਿੱਚ ਸਥਿਤ ਥੋਇਸ ਏਅਰਫੀਲਡ ਸਿਆਚਿਨ ਗਲੇਸ਼ੀਅਰ ਵਿੱਚ ਤਾਇਨਾਤ ਜਵਾਨਾਂ ਤੱਕ ਸਹਾਇਤਾ ਪਹੁੰਚਾਉਣ ਦੇ ਲਿਹਾਜ਼ ਨਾਲ ਬੇਹੱਦ ਮਹੱਤਵਪੂਰਨ ਹੈ।

ਨਿਓਮਾ ਤੋਂ ਫੌਜੀਆਂ ਅਤੇ ਫੌਜੀ ਸਾਜ਼ੋ-ਸਾਮਾਨ ਦੀ ਆਵਾਜਾਈ ਹੋਵੇਗੀ ਤੇਜ਼

ਨਿਓਮਾ ਏਅਰਫੀਲਡ ਲੇਹ ਤੋਂ ਲਗਭਗ 180 ਕਿਲੋਮੀਟਰ ਦੱਖਣ-ਪੂਰਬ ਵੱਲ ਸਥਿਤ ਹੈ। ਇੱਥੇ ਭਾਰੀ ਮਾਲਵਾਹਕ ਜਹਾਜ਼ਾਂ ਦੀ ਲੈਂਡਿੰਗ ਦੀ ਸਹੂਲਤ ਮਿਲਣ ਨਾਲ ਉੱਤਰੀ ਸਰਹੱਦ ’ਤੇ ਫੌਜੀਆਂ, ਰਸਦ ਅਤੇ ਫੌਜੀ ਸਾਜ਼ੋ-ਸਾਮਾਨ ਦੀ ਆਵਾਜਾਈ ਵਿੱਚ ਲੱਗਣ ਵਾਲਾ ਸਮਾਂ ਕਾਫ਼ੀ ਘੱਟ ਹੋ ਸਕੇਗਾ। ਇਸ ਨਾਲ ਲੋੜ ਪੈਣ ’ਤੇ ਫੌਜੀਆਂ ਦੀ ਤੁਰੰਤ ਤਾਇਨਾਤੀ ਅਤੇ ਫੌਜੀ ਸਹਾਇਤਾ ਪਹੁੰਚਾਉਣ ਦੀ ਸਮਰੱਥਾ ਵੀ ਵਧੇਗੀ।

ਲੱਦਾਖ ਵਿੱਚ ਪੱਕੇ ਰਨਵੇ ਵਾਲੇ ਹੋਰ ਏਅਰਫੀਲਡ ਲੇਹ, ਥੋਇਸ ਅਤੇ ਕਾਰਗਿਲ ਵਿੱਚ ਸਥਿਤ ਹਨ। ਇਸ ਤੋਂ ਇਲਾਵਾ ਫੁਕਚੇ ਅਤੇ ਦੌਲਤ ਬੇਗ ਓਲਡੀ ਵਿੱਚ ਐਡਵਾਂਸਡ ਲੈਂਡਿੰਗ ਗਰਾਊਂਡ ਵੀ ਮੌਜੂਦ ਹਨ। ਲਗਭਗ 16,700 ਫੁੱਟ ਦੀ ਉਚਾਈ ’ਤੇ ਸਥਿਤ ਦੌਲਤ ਬੇਗ ਓਲਡੀ ਦੁਨੀਆ ਦੀਆਂ ਸਭ ਤੋਂ ਉੱਚੀਆਂ ਹਵਾਈ ਪੱਟੀਆਂ ਵਿੱਚੋਂ ਇੱਕ ਹੈ।

ਮਹਿੰਗਾਈ ਭੱਤੇ ਵਿੱਚ...

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਆਪਣੇ ਮੁਲਾਜ਼ਮਾਂ ਦੀ ਭਲਾਈ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ। ਸਰਕਾਰ ਉਨ੍ਹਾਂ ਨੂੰ ਸੁਰੱਖਿਅਤ ਭਵਿੱਖ ਦੇਣ ਅਤੇ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਉਨ੍ਹਾਂ ਨੂੰ ਸਾਰੇ ਹੱਕਦਾਰ ਲਾਭ ਮਿਲਣ। ਦੀਵਾਲੀ ਦੇ ਪਵਿੱਤਰ ਤਿਉਹਾਰ ਮੌਕੇ ਸਾਰਿਆਂ ਨੂੰ ਵਧਾਈ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਰੌਸ਼ਨੀਆਂ ਦਾ ਇਹ ਤਿਉਹਾਰ ਪੰਜਾਬ ਦੇ ਹਰ ਘਰ ਵਿੱਚ ਖ਼ੁਸ਼ਹਾਲੀ ਅਤੇ ਤਰੱਕੀ ਲੈ ਕੇ ਆਵੇ।

2,100 ਸਵਦੇਸ਼ੀ ਡਰੋਨਾਂ...

ਆਕ੍ਰਿਤੀਆਂ ਨੇ ਦਰਸ਼ਕਾਂ ਨੂੰ ਰਾਮਾਇਣ ਦੇ ਵੱਖ-ਵੱਖ ਪੜਾਵਾਂ ਨਾਲ ਜੋੜ ਦਿੱਤਾ। ਹੇਠਾਂ ’ਰਾਮ ਕੀ ਪੈੜੀ’ ਘਾਟਾਂ ’ਤੇ ਜਗ ਰਹੇ 30 ਲੱਖ ਤੋਂ ਵੱਧ ਦੀਵਿਆਂ ਦੀ ਰੌਸ਼ਨੀ ਅਤੇ ਉੱਪਰ ਅਸਮਾਨ ਵਿੱਚ ਰਾਮਾਇਣ ਦੇ ਦ੍ਰਿਸ਼ਾਂ ਦੇ ਸੁਮੇਲ ਨੇ ਦੀਪੋਤਸਵ ਦੀ ਸ਼ਾਮ ਨੂੰ ਸੱਚਮੁੱਚ ਅਲੌਕਿਕ ਬਣਾ ਦਿੱਤਾ। ਗੁਜਰਾਤ ਤੋਂ ਆਏ ਇੱਕ ਸੈਲਾਨੀ, ਪ੍ਰਖਰ ਅਗਰਵਾਲ ਨੇ ਕਿਹਾ, ਰੌਸ਼ਨ ਘਾਟਾਂ ਦੇ ਉੱਪਰ ਅਸਮਾਨ ਵਿੱਚ ਭਗਵਾਨ ਰਾਮ, ਪੁਸ਼ਪਕ ਵਿਮਾਨ ਅਤੇ ਰਾਮ ਦਰਬਾਰ ਦੇ ਦ੍ਰਿਸ਼ਾਂ ਨੂੰ ਦੇਖ ਕੇ ਲੱਗਿਆ ਕਿ ਗੁਜਰਾਤ ਤੋਂ ਅਯੁੱਧਿਆ ਤੱਕ ਦਾ ਸਫ਼ਰ ਸੱਚਮੁੱਚ ਸਾਰਥਕ ਹੋ ਗਿਆ। ਦੀਪੋਤਸਵ ਦਾ ਇਹ ਅਨੁਭਵ ਬੇਹੱਦ ਖਾਸ ਰਿਹਾ ਹੈ।÷ ਪਿਛਲੇ ਸਾਲ 1,100 ਡਰੋਨਾਂ ਦੀ ਵਰਤੋਂ ਕੀਤੀ ਗਈ ਸੀ, ਜਦੋਂ ਕਿ ਇਸ ਸਾਲ ਦੇ ਪ੍ਰਦਰਸ਼ਨ ਵਿੱਚ 2,100 ਡਰੋਨ ਸ਼ਾਮਲ ਸਨ। ਅਯੁੱਧਿਆ ਦੇ ਵਸਨੀਕਾਂ ਨੂੰ ਵੀ ਇਹ ਅਨੁਭਵ ਕਰਵਾਉਣ ਲਈ 9 ਨਵੰਬਰ ਨੂੰ ਇੱਕ ਵਿਸ਼ੇਸ਼ ਡਰੋਨ ਸ਼ੋਅ ਆਯੋਜਿਤ ਕੀਤਾ ਜਾਵੇਗਾ। ਭਗਵਾਨ ਰਾਮ ਦੇ ਸ਼ਾਨਦਾਰ ਸ਼ਹਿਰ ਦੀ ਮਹਿਮਾ 30 ਲੱਖ (3 ਮਿਲੀਅਨ) ਦੀਵਿਆਂ ਨਾਲ ਜਗਮਗਾ ਉੱਠੀ।

ਪੀ.ਐਮ. ਮੋਦੀ...

ਅਪਣਾਉਣ, ਦੂਜਿਆਂ ਦੀ ਮਦਦ ਕਰਨ ਅਤੇ ਸਮਾਜ ਵਿੱਚ ਦਿਆਲਤਾ ਤੇ ਸਦਭਾਵਨਾ ਫੈਲਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਤਿਉਹਾਰਾਂ ਦੀ ਅਸਲ ਭਾਵਨਾ ਲੋਕਾਂ ਨੂੰ ਇਕ-ਦੂਜੇ ਦੇ ਨੇੜੇ ਲਿਆਉਣ ਅਤੇ ਸਮਾਜ ਵਿੱਚ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਵਿੱਚ ਹੈ। ਪ੍ਰਧਾਨ ਮੰਤਰੀ ਨੇ ਦੇਸ਼ ਦੇ ਬਿਹਤਰ ਭਵਿੱਖ ਅਤੇ ਵਿਕਸਤ ਭਾਰਤ ਦੇ ਟੀਚੇ ਦੀ ਪ੍ਰਾਪਤੀ ਲਈ ਸਾਰਿਆਂ ਨੂੰ ਨਵੇਂ ਉਤਸ਼ਾਹ ਅਤੇ ਦ੍ਰਿੜ੍ਹ ਇਰਾਦੇ ਨਾਲ ਯੋਗਦਾਨ ਪਾਉਣ ਦੀ ਅਪੀਲ ਵੀ ਕੀਤੀ।

ਲਾਰੈਂਸ ਬਿਸ਼ਨੋਈ ਗੈਂਗ...

ਉਸਨੇ ਰੋਹਿਤ ਸ਼ੈੱਟੀ ਦੇ ਘਰ ਦੇ ਬਾਹਰ ਹੋਈ ਗੋਲੀਬਾਰੀ ਦੀ ਘਟਨਾ ਦੀ ਜ਼ਿੰਮੇਵਾਰੀ ਵੀ ਲਈ ਸੀ। ਬਾਅਦ ਵਿੱਚ, ਸੋਸ਼ਲ ਮੀਡੀਆ ਪੋਸਟਾਂ ਅਤੇ ਆਡੀਓ ਸੰਦੇਸ਼ਾਂ ਰਾਹੀਂ ਬਾਲੀਵੁੱਡ ਦੀਆਂ ਕਈ ਹਸਤੀਆਂ ਨੂੰ ਧਮਕੀਆਂ ਦਿੱਤੀਆਂ ਗਈਆਂ ਸਨ।

ਪਿਛਲੇ ਮਹੀਨੇ, ਦਿੱਲੀ ਪੁਲਿਸ ਨੇ ਇਹ ਵੀ ਸੰਕੇਤ ਦਿੱਤਾ ਸੀ ਕਿ ’ਹੈਰੀ ਬਾਕਸਰ’ ਉਸ ਨੈੱਟਵਰਕ ਨਾਲ ਜੁੜਿਆ ਹੋਇਆ ਸੀ ਜਿਸਨੇ ਅਦਾਕਾਰ ਟਾਈਗਰ ਸ਼ਰਾਫ ਨੂੰ ਨਿਸ਼ਾਨਾ ਬਣਾ ਕੇ ਕੀਤੀ ਗਈ ਗੋਲੀਬਾਰੀ ਵਿੱਚ ਵਰਤੇ ਗਏ ਹਥਿਆਰ ਮੁਹੱਈਆ ਕਰਵਾਏ ਸਨ।

ਦਿੱਲੀ ਪੁਲਿਸ ਦੇ ਸਪੈਸ਼ਲ ਸੈੱਲ ਦੇ ਡੀਸੀਪੀ ਪ੍ਰਵੀਨ ਤ੍ਰਿਪਾਠੀ ਅਨੁਸਾਰ, ਗ੍ਰਿਫ਼ਤਾਰ ਕੀਤੇ ਗਏ ਚਾਰ ਵਿਅਕਤੀ ਰਣਦੀਪ ਮਲਿਕ ਗੈਂਗ ਨਾਲ ਜੁੜੇ ਹੋਏ ਸਨ ਅਤੇ ਅਨਿਲ ਪੰਡਿਤ ਦੇ ਨਿਰਦੇਸ਼ਾਂ ’ਤੇ ਕੰਮ ਕਰਦੇ ਸਨ। ਉਹ ਆਪਸੀ ਗੱਲਬਾਤ ਲਈ ਐਨਕ੍ਰਿਪਟ ਇਸ ਤੋਂ ਪਹਿਲਾਂ, ਅਪ੍ਰੈਲ ਵਿੱਚ, ਕਰਨਾਟਕ ਦੇ ਕੋਲਾਰ ਵਿਖੇ ਲਾਰੈਂਸ ਬਿਸ਼ਨੋਈ ਗੈਂਗ ਦੇ ਇੱਕ ਮੈਂਬਰ ਦੀ ਗ੍ਰਿਫ਼ਤਾਰੀ ਦੌਰਾਨ, ਹਰਿਆਣਾ ਸਪੈਸ਼ਲ ਟਾਸਕ ਫੋਰਸ ਨੇ ਖੁਲਾਸਾ ਕੀਤਾ ਕਿ ’ਹੈਰੀ ਬਾਕਸਰ’ ਫਿਰੌਤੀ ਮੰਗਣ ਅਤੇ ਧਮਕੀ ਭਰੇ ਵੀਡੀਓ ਬਣਾਉਣ ਦੇ ਮਾਮਲਿਆਂ ਨਾਲ ਜੁੜਿਆ ਹੋਇਆ ਸੀ। ਜਾਂਚ ਦੌਰਾਨ ਪਤਾ ਲੱਗਾ ਕਿ ਧਮਕੀ ਭਰਿਆ ਵੀਡੀਓ ਉੱਤਰ ਪ੍ਰਦੇਸ਼ ਦੇ ਨਿਰਮਲ ਤਿਵਾਰੀ ਦੁਆਰਾ ਤਿਆਰ ਕੀਤਾ ਗਿਆ ਸੀ। ਅੱਗੇ ਪੁੱਛਗਿੱਛ ਕਰਨ ’ਤੇ, ਆਨੰਦ ਮਿਸ਼ਰਾ ਅਤੇ ਜੈਪ੍ਰਕਾਸ਼ ਦਾਰਾ (ਜੋ ਰਾਜਸਥਾਨ ਤੋਂ ਹੈ) ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ।

ਟਰੈਕਟਰ-ਬਾਈਕ ਦੀ...

ਗਈਆਂ ਹਨ। ਪਿੰਡ ਦੇ ਸਰਪੰਚ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਅੰਮ੍ਰਿਤਪਾਲ ਸਿੰਘ ਅਤੇ ਹਰਭਜਨ ਸਿੰਘ ਦੁਕਾਨ ’ਤੇ ਕੰਮ ਖ਼ਤਮ ਕਰਨ ਤੋਂ ਬਾਅਦ ਆਪਣੇ ਮੋਟਰਸਾਈਕਲ ’ਤੇ ਪਿੰਡ ਵਾਪਸ ਆ ਰਹੇ ਸਨ।

ਜਦੋਂ ਉਹ ਪਿੰਡ ਨਥੇਹਾ ਪਹੁੰਚੇ ਤਾਂ ਉੱਥੇ ਦੁਕਾਨ ’ਤੇ ਕੰਮ ਕਰਨ ਵਾਲਾ ਬਲਵਿੰਦਰ ਸਿੰਘ ਉਰਫ਼ ਬੋਘਾ ਵੀ ਉਨ੍ਹਾਂ ਨਾਲ ਮੋਟਰਸਾਈਕਲ ’ਤੇ ਸਵਾਰ ਹੋ ਗਿਆ। ਪਿੰਡ ਪਹੁੰਚਣ ਤੋਂ ਕੁਝ ਦੂਰੀ ਪਹਿਲਾਂ ਸਾਹਮਣੇ ਤੋਂ ਆ ਰਹੀ ਪਰਾਲੀ ਦੀਆਂ ਗੰਢਾਂ ਨਾਲ ਭਰੀ ਵੱਡੀ ਟਰੈਕਟਰ-ਟਰਾਲੀ ਨਾਲ ਉਨ੍ਹਾਂ ਦੇ ਮੋਟਰਸਾਈਕਲ ਦੀ ਟੱਕਰ ਹੋ ਗਈ।

ਟੈਕ ਮਹਿੰਦਰਾ ਦੇ...

ਜਦੋਂ ਧਨਖੜ ਜਿਮ ਤੋਂ ਵਾਪਸ ਆਏ ਤਾਂ ਉਨ੍ਹਾਂ ਨੇ ਦੇਖਿਆ ਕਿ ਮੋਨੂੰ ਦੀ ਗੱਡੀ ਉਨ੍ਹਾਂ ਦੀ ਨਿਰਧਾਰਤ ਪਾਰਕਿੰਗ ਵਾਲੀ ਥਾਂ ’ਤੇ ਖੜ੍ਹੀ ਸੀ। ਜਦੋਂ ਉਨ੍ਹਾਂ ਨੇ ਗੁਆਂਢੀ ਨੂੰ ਗੱਡੀ ਹਟਾਉਣ ਲਈ ਕਿਹਾ, ਤਾਂ ਉਸ ਨੇ ਗੋਲੀਆਂ ਚਲਾ ਦਿੱਤੀਆਂ। ਘਟਨਾ ਤੋਂ ਬਾਅਦ, ਮੁਲਜ਼ਮ ਆਪਣੇ ਪਰਿਵਾਰ ਸਮੇਤ ਮੌਕੇ ਤੋਂ ਫਰਾਰ ਹੋ ਗਿਆ। ਧਨਖੜ ਦੇ ਬੇਟੇ ਸ਼ੌਰਿਆ ਨੇ ਪੁਲਿਸ ਨੂੰ ਸੂਚਨਾ ਦਿੱਤੀ, ਜਿਸ ਤੋਂ ਬਾਅਦ ਪੁਲਿਸ ਮੌਕੇ ’ਤੇ ਪਹੁੰਚੀ ਅਤੇ ਉੱਥੋਂ ਖਾਲੀ ਖੋਲ ਬਰਾਮਦ ਕੀਤੇ। ਪੁਲਿਸ ਨੇ ਪੂਰੇ ਇਲਾਕੇ ਨੂੰ ਘੇਰਾਬੰਦੀ ਕਰਕੇ ਸੀਲ ਕਰ ਦਿੱਤਾ ਹੈ। ਧਨਖੜ ਪਰਿਵਾਰ ਸੈਕਟਰ 21ਸੀ ਵਿੱਚ ਇਮਾਰਤ ਨੰਬਰ 641 ਦੀ ਪਹਿਲੀ ਮੰਜ਼ਿਲ ’ਤੇ ਰਹਿੰਦਾ ਹੈ, ਜਦੋਂ ਕਿ ਮੁਲਜ਼ਮ ਦਾ ਪਰਿਵਾਰ ਤੀਜੀ ਮੰਜ਼ਿਲ ’ਤੇ ਰਹਿੰਦਾ ਹੈ। ਸੂਰਜਕੁੰਡ ਥਾਣੇ ਦੇ ਐਸ.ਐਚ.ਓ. ਪ੍ਰਹਿਲਾਦ ਨੇ ਦੱਸਿਆ ਕਿ ਚਾਰ-ਪੰਜ ਦਿਨ ਪਹਿਲਾਂ ਵੀ ਦੋਵਾਂ ਪਰਿਵਾਰਾਂ ਵਿਚਕਾਰ ਤਕਰਾਰ ਹੋਈ ਸੀ, ਜਿਸ ਵਿੱਚ ਮੋਨੂੰ ਅਤੇ ਸ਼ੌਰਿਆ ਵਿਚਕਾਰ ਬਹਿਸ ਹੋਈ ਸੀ। ਉਨ੍ਹਾਂ ਦੱਸਿਆ ਕਿ ਉਸ ਸਮੇਂ ਮਾਮਲਾ ਸੁਲਝਾ ਲਿਆ ਗਿਆ ਸੀ।

ਸ਼ੌਰਿਆ ਦੀ ਸ਼ਿਕਾਇਤ ’ਤੇ, ਮੋਨੂੰ (ਉਰਫ਼ ਮੋਹਨ), ਉਸ ਦੀ ਪਤਨੀ ਦਿਵਿਆ, ਉਨ੍ਹਾਂ ਦੇ ਬੇਟੇ ਮਯੰਕ, ਬੇਟੀ ਨੈਨਾ ਅਤੇ ਭਰਾ ਹੇਤਰਾਮ ਖ਼?ਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ। ਧਨਖੜ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ ਗਿਆ ਹੈ। ਸਿੰਗਾਪੁਰ ਵਿੱਚ ਰਹਿਣ ਵਾਲੇ ਧਨਖੜ 5 ਨਵੰਬਰ ਨੂੰ ਭਾਰਤ ਪਹੁੰਚੇ ਸਨ। ਉਨ੍ਹਾਂ ਨੇ 24 ਨਵੰਬਰ ਨੂੰ ਆਪਣੇ ਭਤੀਜੇ ਦੇ ਵਿਆਹ ਵਿੱਚ ਸ਼ਾਮਲ ਹੋਣਾ ਸੀ।

ਈ-20 ਬਣਿਆ...

ਵਿੱਚ 20 ਫ਼ੀਸਦੀ ਤੋਂ ਵੱਧ ਇਥਾਨੋਲ ਮਿਲਿਆ। ਆਈਓਸੀਐੱਲ ਦੇ ਨਮੂਨੇ ਵਿੱਚ 31.2 ਫ਼ੀਸਦੀ ਅਤੇ ਐੱਚਪੀਸੀਐੱਲ ਵਿੱਚ 30.5 ਫ਼ੀਸਦੀ ਇਥਾਨੋਲ ਨਿਕਲਿਆ। ਚਾਹੇ ਸਰਕਾਰੀ ਕੰਪਨੀਆਂ ਹੋਣ ਜਾਂ ਨਿੱਜੀ- ਸਭ ਨੇ ਨਿਰਧਾਰਿਤ ਹੱਦ ਪਾਰ ਕਰ ਦਿੱਤੀ ਹੈ।”ਉਨ੍ਹਾਂ ਚਿੰਤਾ ਪ੍ਰਗਟਾਈ ਕਿ ਬਹੁਤ ਜ਼ਿਆਦਾ ਇਥਾਨੋਲ ਕਾਰਨ ਵਾਹਨਾਂ ਦੀ ਮਾਈਲੇਜ ਘਟਦੀ ਹੈ ਅਤੇ ਮੁਰੰਮਤ ਦਾ ਖ਼ਰਚਾ ਵਧਦਾ ਹੈ। ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇਸ ਮੁੱਦੇ ’ਤੇ ਖੁੱਲ੍ਹੀ ਬਹਿਸ ਦੀ ਚੁਣੌਤੀ ਵੀ ਦਿੱਤੀ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਰਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਵਿਧਾਇਕ ਜਿੰਪਾ ਨੇ ਮਾਨਵਤਾ ਮੰਦਰ ਸਕੂਲ ਪਹੁੰਚ ਕੇ ਬੱਚਿਆਂ, ਅਧਿਆਪਕਾਂ ਅਤੇ ਕਰਮਚਾਰੀਆਂ ਨਾਲ ਸਾਂਝੀਆਂ ਕੀਤੀਆਂ ਦੀਵਾਲੀ ਦੀਆਂ ਖੁਸ਼ੀਆਂ





ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਮਾਨਵਤਾ ਮੰਦਰ ਸਕੂਲ ਦਾ ਦੌਰਾ ਕਰਕੇ ਸਕੂਲ ਦੇ ਬੱਚਿਆਂ, ਅਧਿਆਪਕਾਂ ਅਤੇ ਸੰਸਥਾ ਦੇ ਕਰਮਚਾਰੀਆਂ ਨਾਲ ਦੀਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਇਸ ਮੌਕੇ ਉਨ੍ਹਾਂ ਸਾਰਿਆਂ ਨੂੰ ਦੀਵਾਲੀ ਦੀਆਂ ਦਿਲੋਂ ਮੁਬਾਰਕਾਂ ਦਿੰਦਿਆਂ ਉਨ੍ਹਾਂ ਦੇ ਸੁਖ, ਖੁਸ਼ਹਾਲੀ ਅਤੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

ਇਸ ਦੌਰਾਨ ਵਿਧਾਇਕ ਨੇ ਸਕੂਲ ਦੇ ਬੱਚਿਆਂ ਨਾਲ ਬੜੇ ਪਿਆਰ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨਾਲ ਗੱਲਬਾਤ ਕਰਦਿਆਂ ਪੜ੍ਹਾਈ, ਰੁਚੀਆਂ ਅਤੇ ਗਤੀਵਿਧੀਆਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਬੱਚਿਆਂ ਨੂੰ ਜੀਵਨ ਵਿੱਚ ਸਿੱਖਿਆ ਦੇ ਮਹੱਤਵ ਬਾਰੇ ਸਮਝਾਉਂਦਿਆਂ ਮਿਹਨਤ, ਲਗਨ ਅਤੇ ਆਤਮ-ਵਿਸ਼ਵਾਸ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਨੂੰ ਆਪਣਾ ਆਸ਼ੀਰਵਾਦ ਦਿੱਤਾ। ਉਨ੍ਹਾਂ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਦੇ ਬਿਹਤਰ ਪਾਲਣ-ਪੋਸ਼ਣ, ਸਿੱਖਿਆ ਅਤੇ ਸਰਬਪੱਖੀ ਵਿਕਾਸ ਲਈ ਸਮਾਜ ਦੇ ਹਰ ਵਰਗ ਨੂੰ ਮਿਲ ਕੇ ਯਤਨ ਕਰਨੇ ਚਾਹੀਦੇ ਹਨ।

> • **ਬੱਚਿਆਂ ਨੂੰ ਦਿੱਤਾ ਆਸ਼ੀਰਵਾਦ, ਅਧਿਆਪਕਾਂ ਅਤੇ ਕਰਮਚਾਰੀਆਂ ਦੇ ਸਮਰਪਣ ਤੇ ਸੇਵਾਭਾਵ ਦੀ ਸ਼ਲਾਘਾ ਕਰਦਿਆਂ ਦਿੱਤੀਆਂ ਦੀਵਾਲੀ ਦੀਆਂ ਸ਼ੁਭਕਾਮਨਾਵਾਂ**

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਸਕੂਲ ਦੇ ਅਧਿਆਪਕਾਂ ਅਤੇ ਸੰਸਥਾ ਦੇ ਕਰਮਚਾਰੀਆਂ ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਵੱਲੋਂ ਨਿਭਾਈਆਂ ਜਾ ਰਹੀਆਂ ਜ਼ਿੰਮੇਵਾਰੀਆਂ ਅਤੇ ਸੇਵਾਭਾਵ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਅਧਿਆਪਕਾਂ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਉੱਥੇ ਹੀ, ਵਿਸ਼ੇਸ਼ ਸੰਸਥਾਵਾਂ ਵਿੱਚ ਕੰਮ ਕਰਦੇ ਕਰਮਚਾਰੀਆਂ ਦਾ ਸਮਰਪਣ, ਮਿਹਨਤ ਅਤੇ ਮਨੁੱਖੀ ਦ੍ਰਿਸ਼ਟੀਕੋਣ ਬੱਚਿਆਂ ਦੇ ਜੀਵਨ ਨੂੰ ਬਿਹਤਰ ਬਣਾਉਣ ਵਿੱਚ ਅਹਿਮ ਯੋਗਦਾਨ ਪਾਉਂਦਾ ਹੈ।

ਉਨ੍ਹਾਂ ਸਾਰੇ ਅਧਿਆਪਕਾਂ ਅਤੇ ਕਰਮਚਾਰੀਆਂ ਨੂੰ ਉਨ੍ਹਾਂ ਦੇ ਸ਼ਲਾਘਾਯੋਗ ਕਾਰਜਾਂ ਲਈ ਵਧਾਈ ਦਿੰਦਿਆਂ ਕਿਹਾ ਕਿ ਸਮਾਜ ਪ੍ਰਤੀ ਉਨ੍ਹਾਂ ਦੀਆਂ ਸੇਵਾਵਾਂ ਬੇਹੱਦ ਪ੍ਰਸ਼ੰਸਾਯੋਗ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਦੀਵਾਲੀ ਦਾ ਇਹ ਤਿਉਹਾਰ ਸਾਰਿਆਂ ਦੇ ਜੀਵਨ ਵਿੱਚ ਖੁਸ਼ੀਆਂ, ਨਵਾਂ ਉਤਸ਼ਾਹ ਅਤੇ ਸਕਾਰਾਤਮਕ ਊਰਜਾ ਲੈ ਕੇ ਆਵੇ।

ਬਲਵਿੰਦਰ ਸਿੰਘ ਬਾਠ ਐਡਮਿੰਟਨ ਦੇ ਅਖੰਡ ਪਾਠ ਦੇ ਭੋਗ, ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਰੋਹ

ਪੈ.ਗਾਮ-ਏ-ਜਗਤ/ਐਡਮਿੰਟਨ (ਕਨੇਡਾ)
(ਬਲਵਿੰਦਰ ਬਾਲਮ ਗੁਰਦਾਸਪੁਰ)

ਬਲਵਿੰਦਰ ਸਿੰਘ ਬਾਠ ਜੋ ਪਿਛਲੇ ਦਿਨੀ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਉਹਨਾਂ ਦੀ ਆਤਮਕ ਸ਼ਾਂਤੀ ਲਈ ਗੁਰਦੁਆਰਾ ਦੂਖ ਨਿਵਾਰਨ ਸਾਹਿਬ 6611 ਐਡਮਿੰਟਨ ਵਿਖੇ ਅਖੰਡ ਪਾਠ ਸਾਹਿਬ ਦੇ ਭੋਗ, ਗੁਰਬਾਣੀ ਕੀਰਤਨ ਉਪਰੰਤ ਸ਼ਰਧਾਂਜਲੀਆਂ ਅਰਪਿਤ ਕੀਤੀਆਂ ਗਈਆਂ।

ਉਹਨਾਂ ਦੇ ਅਕਾਲ ਚਲਾਣਾ ਕਰ ਜਾਣ ਕਰਕੇ ਜਿਥੇ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ ਉੱਥੇ ਸਾਕ ਸਬੰਧੀ ਰਿਸ਼ਤੇਦਾਰਾਂ ਭੈਣ ਭਰਾਵਾਂ ਤੇ ਹੋਰ ਮੋਹ ਰੱਖਣ ਵਾਲੇ ਯਾਰ ਦੋਸਤ ਮਿੱਤਰਾ ਨੂੰ ਵੀ ਬਲਵਿੰਦਰ ਸਿੰਘ ਬਾਠ ਦੇ ਹੱਸਦੇ ਵਸਦੇ ਘਰ ਵਿੱਚੋਂ ਦੂਰ ਉਡਾਰੀ ਮਾਰ ਜਾਣ ਤੇ ਦੁੱਖਾਂ ਦੇ ਪਹਾੜ ਡਿੱਗਣ ਬਰਾਬਰ ਦੁੱਖ ਹੈ।



ਇਸ ਦਿਨ ਬਲਵਿੰਦਰ ਸਿੰਘ ਬਾਠ ਜੀ ਦਾ ਜਨਮ ਦਿਨ ਵੀ ਸੀ। ਸੋ ਇਸ ਮੌਕੇ ਤੇ ਕੇਕ ਕੱਟ ਕੇ ਉਹਨਾਂ ਨੂੰ ਯਾਦ ਕਰਦੇ ਹੋਏ ਸੱਚੀ ਸ਼ਰਧਾਂਜਲੀ ਅਰਪਿਤ ਕੀਤੀ ਗਈ। ਖ਼ਾਸ ਕਰਕੇ ਉਹਨਾਂ ਦੇ ਪੋਤੇ ਪੋਤੀਆਂ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਪੋਤੇ ਪੋਤੀਆਂ ਲਈ ਦਾਦਾ ਇਕ ਖਿਡਾਉਣਾ ਹੁੰਦਾ ਹੈ ਤੇ ਸਭ ਤੇ ਸੱਚੇ ਮਿੱਤਰ ਤੇ ਇੱਕ ਰੱਬ ਵਰਗੇ ਪਿਆਰ ਦਾ ਵਜੂਦ।

ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਉਹਨਾਂ ਦੀ ਜੀਵਨ ਸ਼ੈਲੀ ਉੱਪਰ ਵਿਚਾਰ ਰੱਖਦੇ ਹੋਏ ਸ਼ਰਧਾਂਜਲੀਆਂ ਅਰਪਿਤ ਕੀਤੀਆਂ। ਜਿਹਨਾਂ ਵੱਖ-ਵੱਖ ਬੁਲਾਰਿਆਂ ਨੇ ਸ਼ਰਧਾਂਜਲੀਆਂ ਅਰਪਿਤ ਕੀਤੀਆਂ ਉਹਨਾਂ ਵਿੱਚ ਵਿਸ਼ੇਸ਼ ਤੌਰ ਤੇ ਸਾਹਿਤਕਾਰ ਸੁਰਜੀਤ ਕੌਰ, ਬਲਵਿੰਦਰ ਸਿੰਘ ਬਾਠ ਦਾ ਪਿਆਰਾ ਪੋਤਾ ਗੁਰਮਨ ਸਿੰਘ ਬਾਠ, ਪੋਤੀ ਜਸਕਿਰਨ ਕੌਰ ਅਤੇ ਹੋਰ ਸੱਜਣਾਂ ਨੇ ਸ਼ਰਧਾਂਜਲੀਆਂ ਅਰਪਿਤ ਕੀਤੀਆਂ। ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ।

ਹਰਚੰਦ ਸਿੰਘ ਬਰਸਟ ਵੱਲੋਂ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀ ਵਧਾਈ

ਐਸ.ਏ.ਐਸ. ਨਗਰ (ਮੋਹਾਲੀ), 7 ਨਵੰਬਰ
(ਪੈ.ਗਾਮ-ਏ-ਜਗਤ)



ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਨੇ ਸਾਰਿਆਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਦੀਵਾਲੀ ਸਿਰਫ਼ ਰੋਸ਼ਨੀ ਦਾ ਤਿਉਹਾਰ ਨਹੀਂ, ਸਗੋਂ ਅੰਧਕਾਰ ਤੇ ਪ੍ਰਕਾਸ਼, ਬੁਰਾਈ 'ਤੇ ਚੰਗਿਆਈ ਅਤੇ ਨਿਰਾਸਾ 'ਤੇ ਆਸ ਦੀ ਜਿੱਤ ਦਾ ਪ੍ਰਤੀਕ ਹੈ। ਦੀਵਾਲੀ ਦਾ ਤਿਉਹਾਰ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਇਸੇ ਦਿਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਗਵਾਲੀਅਰ ਕਿਲ੍ਹੇ ਤੋਂ 52 ਰਾਜਿਆਂ ਨੂੰ ਰਿਹਾ ਕਰਵਾਇਆ ਸੀ। ਉਨ੍ਹਾਂ ਕਿਹਾ ਕਿ ਦੀਵਾਲੀ ਸਾਰਿਆਂ ਦੇ ਜੀਵਨ ਵਿੱਚ ਖੁਸ਼ੀਆਂ ਅਤੇ ਖੁਸ਼ਹਾਲੀ ਲੈ ਕੇ ਆਵੇ। ਉਨ੍ਹਾਂ ਨੇ ਸਾਰਿਆਂ ਨੂੰ ਅਪੀਲ ਕੀਤੀ ਕਿ ਵਾਤਾਵਰਣ ਨੂੰ ਸੁਰਖਿੱਅਤ ਬਣਾਉਣ ਲਈ ਸਾਰਿਆਂ ਨੂੰ ਗ੍ਰੀਨ ਦੀਵਾਲੀ ਮਨਾਉਣੀ ਚਾਹੀਦੀ ਹੈ।

ਸੀ.ਆਈ.ਡੀ. ਨੰਗਲ ਦੇ ਇੰਚਾਰਜ ਸਬ ਇੰਸਪੈਕਟਰ ਜਗਦੀਸ਼ ਸਿੰਘ ਨੂੰ ਮਿਲਿਆ ਡੀ.ਜੀ.ਪੀ. ਡਿਸਕ ਐਵਾਰਡ

ਪੈ.ਗਾਮ-ਏ-ਜਗਤ/ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

> • **ਇਮਾਨਦਾਰੀ, ਮਿਹਨਤ ਅਤੇ ਡਿਊਟੀ ਪ੍ਰਤੀ ਸਮਰਪਣ ਲਈ ਕੀਤਾ ਗਿਆ ਸਨਮਾਨਿਤ**

ਖੁਰਾਲਗੜ੍ਹ ਸਾਹਿਬ ਨਿਵਾਸੀ ਸੀ.ਆਈ.ਡੀ. ਨੰਗਲ ਦੇ ਇੰਚਾਰਜ ਸਬ ਇੰਸਪੈਕਟਰ ਜਗਦੀਸ਼ ਸਿੰਘ ਨੂੰ ਉਨ੍ਹਾਂ ਦੀ ਇਮਾਨਦਾਰੀ, ਮਿਹਨਤ, ਲਗਨ ਅਤੇ ਡਿਊਟੀ ਪ੍ਰਤੀ ਸਮਰਪਣ ਲਈ ਵੱਕਾਰੀ ਡੀ.ਜੀ.ਪੀ. ਡਿਸਕ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ।



ਇਹ ਸਨਮਾਨ ਪੁਲਿਸ ਵਿਭਾਗ ਵਿੱਚ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਅਤੇ ਜ਼ਿੰਮੇਵਾਰੀਆਂ ਪ੍ਰਤੀ ਨਿਸ਼ਠਾ ਨੂੰ ਦੇਖਦੇ ਹੋਏ ਪ੍ਰਦਾਨ ਕੀਤਾ ਗਿਆ। ਸਬ ਇੰਸਪੈਕਟਰ ਜਗਦੀਸ਼ ਸਿੰਘ ਨੇ ਆਪਣੀ ਸੇਵਾ ਦੌਰਾਨ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਵਿਭਾਗੀ ਜ਼ਿੰਮੇਵਾਰੀਆਂ ਨਿਭਾਈਆਂ ਹਨ। ਉਨ੍ਹਾਂ ਦੀ ਕਾਰਜਕੁਸ਼ਲਤਾ, ਮਿਹਨਤ ਅਤੇ ਸਮਰਪਣ ਨੂੰ ਦੇਖਦਿਆਂ ਉਨ੍ਹਾਂ ਨੂੰ ਇਸ ਵੱਕਾਰੀ ਸਨਮਾਨ ਲਈ ਚੁਣਿਆ ਗਿਆ। ਡੀ.ਜੀ.ਪੀ. ਡਿਸਕ ਐਵਾਰਡ ਮਿਲਣਾ ਉਨ੍ਹਾਂ ਦੀ ਕਾਰਜਸ਼ੈਲੀ ਅਤੇ ਸੇਵਾ ਭਾਵਨਾ ਦਾ ਮਾਣ ਹੈ। ਇਸ ਪ੍ਰਾਪਤੀ ਨਾਲ ਉਨ੍ਹਾਂ ਦੇ ਸਾਥੀਆਂ ਅਤੇ ਸ਼ੁਭਚਿੰਤਕਾਂ ਵਿੱਚ ਖੁਸ਼ੀ ਦਾ ਮਾਹੌਲ ਹੈ।

ਬੰਦੀ ਛੋੜ ਦਿਵਸ ਤੇ ਦੀਵਾਲੀ ਮੌਕੇ ਥਿਆੜਾ ਭੈਣ-ਭਰਾ ਦੀ ਬਾਦਲ ਨਾਲ ਮੁਲਾਕਾਤ, ਪਾਰਟੀ ਦੀ ਮਜ਼ਬੂਤੀ ਤੇ ਭਵਿੱਖੀ ਰਣਨੀਤੀ ਤੇ ਹੋਈ ਅਹਿਮ ਚਰਚਾ

ਪੈ.ਗਾਮ-ਏ-ਜਗਤ/ਨਵਾਂਸ਼ਹਿਰ
7 ਨਵੰਬਰ (ਜਤਿੰਦਰਪਾਲ ਸਿੰਘ ਕਲੇਰ)

ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਡਾ. ਗੁਰਪ੍ਰੀਤ ਕੌਰ ਥਿਆੜਾ ਅਤੇ ਉਨ੍ਹਾਂ ਦੇ ਛੋਟੇ ਭਰਾ ਰਮਨਦੀਪ ਸਿੰਘ ਥਿਆੜਾ ਸੀਨੀਅਰ ਨੌਜਵਾਨ ਆਗੂ ਸ਼੍ਰੋਮਣੀ ਅਕਾਲੀ ਦਲ ਬਾਦਲ ਨੇ ਪਾਰਟੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨਾਲ ਉਨ੍ਹਾਂ ਦੇ ਗ੍ਰਹਿ ਵਿਖੇ ਮੁਲਾਕਾਤ ਕੀਤੀ ਅਤੇ ਬੰਦੀ ਛੋੜ ਦਿਵਸ ਤੇ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।



ਇਸ ਮੌਕੇ ਡਾ. ਗੁਰਪ੍ਰੀਤ ਕੌਰ ਥਿਆੜਾ ਅਤੇ ਰਮਨਦੀਪ ਸਿੰਘ ਥਿਆੜਾ ਨੇ ਪਾਰਟੀ ਪ੍ਰਧਾਨ ਨੂੰ ਦਰਬਾਰ ਸਾਹਿਬ ਦੀ ਤਸਵੀਰ ਭੇਂਟ ਕਰਕੇ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਚੰਗੀ ਸਿਹਤ ਤੇ ਲੰਬੀ ਉਮਰ ਲਈ ਅਰਦਾਸ ਕੀਤੀ। ਮੁਲਾਕਾਤ ਦੌਰਾਨ ਪੰਜਾਬ ਦੀ ਮੌਜੂਦਾ ਸਿਆਸੀ ਸਥਿਤੀ, ਪਾਰਟੀ ਦੀ ਮਜ਼ਬੂਤੀ, ਵਰਕਰਾਂ ਦੇ ਮਾਣ-ਸਨਮਾਨ ਅਤੇ ਆਉਣ ਵਾਲੀਆਂ ਚੋਣਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਹੋਇਆ। ਡਾ. ਥਿਆੜਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਪੰਜਾਬ, ਪੰਜਾਬੀਅਤ ਅਤੇ ਸਿੱਖ ਕੌਮ ਦੇ ਹਿੱਤਾਂ ਲਈ ਡਟ ਕੇ ਖੜ੍ਹਾ ਰਿਹਾ ਹੈ ਅਤੇ ਅੱਗੇ ਵੀ ਪਾਰਟੀ ਪ੍ਰਧਾਨ ਦੀ ਅਗਵਾਈ ਹੇਠ ਵਰਕਰ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਬੰਦੀ ਛੋੜ ਦਿਵਸ ਸਾਨੂੰ ਜ਼ੁਲਮ ਵਿਰੁੱਧ ਡਟਣ ਅਤੇ ਮਾਨਵਤਾ ਦੀ ਸੇਵਾ ਕਰਨ ਦਾ ਸੁਨੇਹਾ ਦਿੰਦਾ ਹੈ।

ਰਮਨਦੀਪ ਸਿੰਘ ਥਿਆੜਾ ਨੇ ਕਿਹਾ ਕਿ ਨੌਜਵਾਨ ਵਰਗ ਨੂੰ ਪਾਰਟੀ ਨਾਲ ਜੋੜਨ ਲਈ ਜ਼ਮੀਨੀ ਪੱਧਰ ਤੇ ਕੰਮ ਕੀਤਾ ਜਾਵੇਗਾ ਤਾਂ ਜੋ ਪਾਰਟੀ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਪਾਰਟੀ ਫਿਰ ਤੋਂ ਪੰਜਾਬ ਵਿੱਚ ਆਪਣਾ ਪੁਰਾਣਾ ਮਾਣ-ਸਨਮਾਨ ਹਾਸਲ ਕਰੇਗੀ। ਇਸ ਮੌਕੇ ਪਾਰਟੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਨੇ ਵੀ ਥਿਆੜਾ ਭੈਣ-ਭਰਾ ਨੂੰ ਬੰਦੀ ਛੋੜ ਦਿਵਸ ਤੇ ਦੀਵਾਲੀ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਪਾਰਟੀ ਲਈ ਕੀਤੇ ਜਾ ਰਹੇ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਵਰਕਰ ਹੀ ਪਾਰਟੀ ਦੀ ਅਸਲ ਤਾਕਤ ਹਨ।

ਸੰਦੀਪ ਭਾਟੀਆ ਸੋਨੂੰ ਨੇ ਭਾਜਪਾ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਕੀਤੀ ਸਨੇਹਪੂਰਵਕ ਮੁਲਾਕਾਤ, ਦੀਵਾਲੀ ਦੀਆਂ ਦਿੱਤੀਆਂ ਲੱਖ-ਲੱਖ ਮੁਬਾਰਕਾਂ

ਪੈ.ਗਾਮ-ਏ-ਜਗਤ/ਬਲਾਚੌਰ
7 ਨਵੰਬਰ (ਜਤਿੰਦਰਪਾਲ ਸਿੰਘ ਕਲੇਰ)

ਦੀਵਾਲੀ ਦੇ ਪਾਵਨ ਤਿਉਹਾਰ ਦੇ ਮੌਕੇ ਤੇ ਸਿਆਸੀ ਅਤੇ ਸਮਾਜਿਕ ਮਿਲਣੀਆਂ ਦਾ ਦੌਰ ਜਾਰੀ ਹੈ। ਇਸੇ ਲੜੀ ਤਹਿਤ ਸੀਨੀਅਰ ਭਾਜਪਾ ਆਗੂ ਅਤੇ ਓਬੀਸੀ ਮੋਰਚਾ ਪੰਜਾਬ ਦੇ ਮੀਤ ਪ੍ਰਧਾਨ ਸੰਦੀਪ ਭਾਟੀਆ ਸੋਨੂੰ ਨੇ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਸਤਿਕਾਰਯੋਗ ਸਰਦਾਰ ਕੇਵਲ ਸਿੰਘ ਢਿੱਲੋਂ ਨਾਲ ਸਨੇਹਪੂਰਵਕ ਮੁਲਾਕਾਤ ਕੀਤੀ।



ਇਸ ਮੁਲਾਕਾਤ ਦੌਰਾਨ ਸੰਦੀਪ ਭਾਟੀਆ ਸੋਨੂੰ ਨੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੂੰ ਦੀਵਾਲੀ ਦੇ ਪਾਵਨ ਤਿਉਹਾਰ ਦੀਆਂ ਹਾਰਦਿਕ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੀ ਚੰਗੀ ਸਿਹਤ ਅਤੇ ਲੰਬੀ ਉਮਰ ਲਈ ਅਰਦਾਸ ਕੀਤੀ। ਦੋਵਾਂ ਆਗੂਆਂ ਵਿਚਕਾਰ ਇਹ ਮੁਲਾਕਾਤ ਬੇਹੱਦ ਨਿੱਘੇ ਅਤੇ ਸਨੇਹ ਭਰੇ ਮਾਹੌਲ ਵਿੱਚ ਹੋਈ। ਇਸ ਮੌਕੇ ਪੰਜਾਬ ਦੀ ਬਿਹਤਰੀ, ਖੁਸ਼ਹਾਲੀ, ਤਰੱਕੀ ਅਤੇ ਸੁਨਹਿਰੀ ਭਵਿੱਖ ਲਈ ਸ਼ੁਭਕਾਮਨਾਵਾਂ ਸਾਂਝੀਆਂ ਕੀਤੀਆਂ ਗਈਆਂ। ਦੋਵਾਂ ਆਗੂਆਂ ਨੇ ਕਿਹਾ ਕਿ ਦੀਵਾਲੀ ਦਾ ਤਿਉਹਾਰ ਹਨੇਰੇ ਤੋਂ ਚਾਨਣ ਵੱਲ ਜਾਣ ਦਾ ਪ੍ਰਤੀਕ ਹੈ ਅਤੇ ਸਾਨੂੰ ਸਭ ਨੂੰ ਮਿਲ ਕੇ ਪੰਜਾਬ ਨੂੰ ਤਰੱਕੀ ਦੇ ਰਾਹ ਤੇ ਲੈ ਕੇ ਜਾਣਾ ਚਾਹੀਦਾ ਹੈ।

ਸੰਦੀਪ ਭਾਟੀਆ ਸੋਨੂੰ ਨੇ ਕਿਹਾ ਕਿ ਭਾਜਪਾ ਪੰਜਾਬ ਨੂੰ ਮਜ਼ਬੂਤ ਕਰਨ ਲਈ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਵਰਕਰ ਪੂਰੀ ਲਗਨ ਅਤੇ ਮਿਹਨਤ ਨਾਲ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਦਾ ਹਰ ਵਰਕਰ ਪੰਜਾਬ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਵਾਹਿਗੁਰੂ ਜੀ ਅੱਗੇ ਅਰਦਾਸ ਕੀਤੀ ਕਿ ਵਾਹਿਗੁਰੂ ਜੀ ਪੰਜਾਬ ਨੂੰ ਹਮੇਸ਼ਾ ਖੁਸ਼ਹਾਲ ਅਤੇ ਤਰੱਕੀ ਦੇ ਰਾਹ ਤੇ ਅੱਗੇ ਵਧਾਉਣ ਅਤੇ ਹਰ ਘਰ ਵਿੱਚ ਖੁਸ਼ੀਆਂ, ਸ਼ਾਂਤੀ ਅਤੇ ਖੁਸ਼ਹਾਲੀ ਆਵੇ। ਅੰਤ ਵਿੱਚ ਸੰਦੀਪ ਭਾਟੀਆ ਸੋਨੂੰ ਨੇ ਸਮੂਹ ਪੰਜਾਬ ਵਾਸੀਆਂ ਨੂੰ ਦੀਵਾਲੀ ਦੀਆਂ ਲੱਖ-ਲੱਖ ਮੁਬਾਰਕਾਂ ਦਿੱਤੀਆਂ।

ਪੰਜ ਸਾਲਾਂ ਤੋਂ ਲਾਰਿਆਂ ਤੇ ਹੀ ਟਿਕੇ ਵੋਕੇਸ਼ਨਲ ਅਧਿਆਪਕ, 18 ਮੀਟਿੰਗਾਂ ਦੇ ਬਾਵਜੂਦ ਮੰਗਾਂ ਜਿਉਂ ਦੀਆਂ ਤਿਉਂ, ਨਵਾਂਸ਼ਹਿਰ ਵਿੱਚ ਮਨਾਈ ਕਾਲੀ ਦੀਵਾਲੀ

ਪੈ.ਗਾਮ-ਏ-ਜਗਤ
ਨਵਾਂਸ਼ਹਿਰ, 7 ਨਵੰਬਰ
(ਜਤਿੰਦਰਪਾਲ ਸਿੰਘ ਕਲੇਰ)

ਐਨਐਸਕਿਉਐਫ ਵੋਕੇਸ਼ਨਲ ਟੀਚਰ ਫਰੰਟ ਪੰਜਾਬ ਦੇ ਜ਼ਿਲ੍ਹਾ ਨਵਾਂਸ਼ਹਿਰ ਦੇ ਅਧਿਆਪਕ ਸਾਥੀਆਂ ਵੱਲੋਂ ਪੰਜਾਬ ਸਰਕਾਰ ਦੀ ਵਾਅਦਾਖਿਲਾਫੀ ਦੇ ਰੋਸ ਵਜੋਂ ਕਾਲੇ ਝੰਡੇ ਲਹਿਰਾ ਕੇ ਕਾਲੀ ਦੀਵਾਲੀ ਮਨਾਈ ਗਈ।



ਇਸ ਮੌਕੇ ਫਰੰਟ ਦੇ ਮੈਂਬਰਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਪੰਜ ਸਾਲਾਂ ਦੌਰਾਨ ਮੁਲਾਜ਼ਮਾਂ ਨਾਲ ਕੀਤੇ ਗਏ ਵਾਅਦੇ ਅਜੇ ਤੱਕ ਪੂਰੇ ਨਹੀਂ ਕੀਤੇ ਗਏ। ਅਧਿਆਪਕਾਂ ਨੂੰ ਉਮੀਦ ਸੀ ਕਿ ਦੀਵਾਲੀ ਦੇ ਮੌਕੇ ਸਰਕਾਰ ਉਨ੍ਹਾਂ ਨੂੰ ਕੋਈ ਖੁਸ਼ਖਬਰੀ ਦੇਵੇਗੀ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਨੌਕਰੀ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਤਨਖਾਹਾਂ ਵਿੱਚ ਵਾਧਾ ਕਰਨ ਸਬੰਧੀ ਕੋਈ ਠੋਸ ਫੈਸਲਾ ਲਿਆ ਜਾਵੇਗਾ, ਪਰ ਅਧਿਆਪਕਾਂ ਦੇ ਹੱਥ ਸਿਰਫ ਨਿਰਾਸ਼ਾ ਹੀ ਲੱਗੀ ਹੈ।

ਫਰੰਟ ਦੇ ਆਗੂਆਂ ਨੇ ਦੱਸਿਆ ਕਿ ਹੁਣ ਤੱਕ ਸਰਕਾਰ ਅਤੇ ਸਿੱਖਿਆ ਵਿਭਾਗ ਨਾਲ ਲਗਭਗ 18 ਮੀਟਿੰਗਾਂ ਅਤੇ ਸਬ-ਕਮੇਟੀ ਦੀਆਂ ਮੀਟਿੰਗਾਂ ਹੋ ਚੁੱਕੀਆਂ ਹਨ, ਪਰ ਹਰ ਵਾਰ ਭਰੋਸੇ ਅਤੇ ਲਾਰਿਆਂ ਤੋਂ ਇਲਾਵਾ ਕੋਈ ਠੋਸ ਹੱਲ ਸਾਹਮਣੇ ਨਹੀਂ ਆਇਆ। ਅਧਿਆਪਕਾਂ ਦੀ ਨੌਕਰੀ ਦੀ ਸੁਰੱਖਿਆ, ਵਿਭਾਗ ਵਿੱਚ ਸ਼ਮੂਲੀਅਤ ਅਤੇ ਤਨਖਾਹਾਂ ਵਿੱਚ ਵਾਧੇ ਵਰਗੀਆਂ ਅਹਿਮ ਮੰਗਾਂ ਅਜੇ ਵੀ ਲਟਕ ਰਹੀਆਂ ਹਨ।

ਇਸੇ ਕਾਰਨ ਅਧਿਆਪਕਾਂ ਨੇ ਦੀਵਾਲੀ ਵਰਗੇ ਖੁਸ਼ੀ ਦੇ ਤਿਉਹਾਰ ਮੌਕੇ ਵੀ ਕਾਲੇ ਝੰਡੇ ਹੱਥਾਂ ਵਿੱਚ ਫੜ ਕੇ ਸਰਕਾਰ ਵਿਰੁੱਧ ਆਪਣਾ ਰੋਸ ਪ੍ਰਗਟ ਕੀਤਾ। ਅਧਿਆਪਕਾਂ ਦਾ ਕਹਿਣਾ ਹੈ ਕਿ ਉਹ ਲਗਾਤਾਰ ਸਕੂਲਾਂ ਵਿੱਚ ਆਪਣੀ ਡਿਊਟੀ ਪੂਰੀ ਇਮਾਨਦਾਰੀ ਨਾਲ ਨਿਭਾ ਰਹੇ ਹਨ ਪਰ ਸਰਕਾਰ ਉਨ੍ਹਾਂ ਦੀਆਂ ਮੰਗਾਂ ਵੱਲ ਕੋਈ ਗੰਭੀਰ ਧਿਆਨ ਨਹੀਂ ਦੇ ਰਹੀ। ਅੰਤ ਵਿੱਚ ਫਰੰਟ ਦੇ ਮੈਂਬਰਾਂ ਨੇ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਅਧਿਆਪਕਾਂ ਦੀਆਂ ਮੰਗਾਂ ਦਾ ਜਲਦ ਕੋਈ ਠੋਸ ਹੱਲ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਫਰੰਟ ਵੱਲੋਂ ਤਿੱਖਾ ਸੰਘਰਸ਼ ਅਤੇ ਅਗਲੇ ਐਕਸ਼ਨ ਉਲੀਕੇ ਜਾਣਗੇ। ਇਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੀ ਹੋਵੇਗੀ।

ਵਿਕਾਸ ਦੇ ਪਿੰਡੇ ਉੱਤੇ ਨਾਸੂਰ ਬਣ ਗਏ ਹਨ ਨਜਾਇਜ਼ ਕਬਜ਼ੇ

ਪੈ.ਗਾਮ-ਏ-ਜਗਤ/ਨਵਾਂਸ਼ਹਿਰ
7 ਨਵੰਬਰ (ਗੁਰਬਖਸ਼ ਸਿੰਘ ਮਹੇ)

ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਚ ਵਿਕਾਸ ਦੇ ਰਾਹ ਵਿਚ ਰੋੜਾ ਬਣੇ ਗੈਰ ਕਾਨੂੰਨੀ ਕਬਜ਼ਿਆਂ ਨੇ ਗਲੀ ਮੁਹੱਲਿਆਂ ਤੋਂ ਲੈ ਕੇ ਰਾਹਾਂ ਤੱਕ ਨੂੰ ਨਹੀਂ ਬਖ਼ਸ਼ਿਆ।

> • **ਨਗਰ ਕੌਂਸਲ ਤੇ ਨਵਾਂਸ਼ਹਿਰ ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤੇ**



ਇਹ ਕਬਜ਼ੇ ਵਿਕਾਸ ਦੇ ਪਿੰਡੇ ਉੱਤੇ ਕੈਂਸਰ ਦੇ ਨਾਸੂਰ ਵਾਂਗ ਸਥਾਈ ਰੂਪ ਧਾਰਨ ਕਰ ਗਏ ਹਨ ਸਰਕਾਰੀ ਜਾਇਦਾਦ ਨੂੰ ਲਾਵਾਰਸ ਸਮਝ ਕੇ ਉਸ ਉੱਤੇ ਕਬਜ਼ਾ ਕਰ ਲਿਆ ਜਾਂਦਾ ਹੈ। ਇਸ ਦੇ ਲਈ ਦੋਸ਼ੀ ਸਿਰਫ਼ ਉਹ ਵਿਅਕਤੀ ਹੀ ਨਹੀਂ ਜੋ ਕਬਜ਼ਾ ਕਰਦਾ ਹੈ ਇਸ ਦੇ ਲਈ ਦੋਸ਼ੀ ਉਹ ਕਰਮਚਾਰੀ ਜਾਂ ਅਧਿਕਾਰੀ ਵੀ ਹਨ ਜੋ ਜਾਣਬੁੱਝ ਕੇ ਅੱਖਾਂ ਮੀਚ ਲੈਂਦੇ ਹਨ।

ਜਨਤਕ ਪਾਰਕਾਂ, ਖੇਡ ਦੇ ਮੈਦਾਨਾਂ, ਪੰਚਾਇਤੀ ਜ਼ਮੀਨਾਂ, ਨਗਰ ਕੌਂਸਲਾਂ ਦੀਆਂ ਜ਼ਮੀਨਾਂ ਤੇ ਵੀ ਪ੍ਰਭਾਵਸ਼ਾਲੀ ਲੋਕ ਕਬਜ਼ਾ ਕਰ ਲੈਂਦੇ ਹਨ। ਇੱਥੋਂ ਤੱਕ ਕਿ ਧਾਰਮਿਕ ਸਥਾਨਾਂ ਦੀ ਆੜ 'ਚ ਵੀ ਨਾਜਾਇਜ਼ ਕਬਜ਼ਾ ਕੀਤੇ ਜਾਣ ਦੀਆਂ ਚਰਚਾਵਾਂ ਹਨ। ਮਾਈਨਿੰਗ ਮਾਫ਼ੀਆ ਬੋਲੀ ਉੱਤੇ ਘੱਟ ਰਕਬਾ ਲੈਂਦਾ ਹੈ ਪਰ ਮਾਈਨਿੰਗ ਵਧ ਰਕਬੇ ਵਿਚ ਕਰਦਾ ਹੈ ਇਹ ਨਜਾਇਜ਼ ਕਬਜ਼ਿਆਂ ਦਾ ਨਵਾਂ ਰੂਪ ਹੈ। ਨਵਾਂਸ਼ਹਿਰ ਸ਼ਹਿਰ ਦੇ ਕਈ ਬਾਜ਼ਾਰਾਂ ਵਿਚ ਦੁਕਾਨਦਾਰਾਂ ਨੇ ਆਪਣੀਆਂ ਦੁਕਾਨਾਂ ਦਾ ਸਮਾਨ ਬਾਹਰ ਕੱਢਕੇ ਸੜਕਾਂ ਵਿਚ ਟਿਕਾਇਆ ਹੋਇਆ ਹੈ। ਦੁਕਾਨਾਂ ਦੇ ਬੋਰਡ ਵੀ ਸੜਕਾਂ ਦਾ ਸ਼ਿੰਗਾਰ ਬਣੇ ਹੋਏ ਹਨ।

ਸ਼ਹਿਰੀ ਹਲਕੇ 'ਚ ਦੁਕਾਨਦਾਰਾਂ ਵੱਲੋਂ ਕੀਤੇ ਨਾਜਾਇਜ਼ ਕਬਜ਼ਿਆਂ ਅਤੇ ਦੁਕਾਨਾਂ ਮੂਹਰੇ ਬਣਾਈਆਂ ਲੰਬੀਆਂ-ਲੰਬੀਆਂ ਥਮੜੀਆਂ ਕਾਰਨ ਟ੍ਰੈਫਿਕ ਸਮੱਸਿਆ ਲਗਾਤਾਰ ਬਰਕਰਾਰ ਹੈ ਜਦਕਿ ਨਾਜਾਇਜ਼ ਕਬਜ਼ੇ ਹਟਾਉਣ ਲਈ ਨਗਰ ਕੌਂਸਲ ਨਵਾਂਸ਼ਹਿਰ ਵੱਲੋਂ ਲਗਾਤਾਰ ਚੁੱਪ ਧਾਰੀ ਹੋਈ ਹੈ, ਇੱਥੇ ਵਰਨਣਯੋਗ ਹੈ ਕਿ ਕੁੱਝ ਕੁ ਸਮੇਂ ਬਾਅਦ ਨਗਰ ਕੌਂਸਲ ਵੱਲੋਂ ਅਤੇ ਲੰਬਾ ਸਮਾਂ ਪਹਿਲਾਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਾਜਾਇਜ਼ ਕਬਜ਼ੇ ਹਟਾਉਣ ਲਈ ਖਾਨਾਪੂਰਤੀ ਕੀਤੀ ਜਾਂਦੀ ਰਹੀ ਹੈ, ਜਦੋਂ ਸਮਾਨ ਚੁੱਕਣ ਵਾਲੀ ਟਰਾਲੀ ਤੇ ਟਰੈਕਟਰ ਹਾਲੇ ਬਾਜ਼ਾਰ ਵੀ ਨਹੀਂ ਸੀ ਲੰਘਦੇ ਸਮੂਹ ਦੁਕਾਨਦਾਰਾਂ ਵੱਲੋਂ ਮੁੜ ਦੁਕਾਨਾਂ ਦੇ ਬਾਹਰ ਸਮਾਨ ਰੱਖ ਦਿੱਤਾ ਜਾਂਦਾ ਹੈ

ਇੱਥੋਂ ਦੇ ਚੰਡੀਗੜ੍ਹ ਰੋਡ, ਬੰਗਾ ਰੋਡ, ਰਾਹੋਂ ਰੋਡ, ਰੇਲਵੇ ਰੋਡ ਅਤੇ ਗੜ੍ਹਸ਼ੰਕਰ ਰੋਡ ਜੋ ਕਿ ਨਵਾਂਸ਼ਹਿਰ 'ਚ ਮੁੱਖ ਮਾਰਗ ਹਨ, ਦੀਆਂ ਦੁਕਾਨਾਂ ਦੇ ਬਾਹਰ ਦੁਕਾਨਦਾਰਾਂ ਵੱਲੋਂ ਸਜਾਇਆ ਹੋਇਆ ਸਮਾਨ ਟਰੈਫ਼ਿਕ ਨਿਯਮ ਲਾਗੂ ਕਰਨ 'ਚ ਅਕਸਰ ਅੜਿੱਕਾ ਬਣਦਾ ਹੈ।

ਇੱਥੇ ਹੀ ਬੱਸ ਨਹੀਂ ਮਠਿਆਈ ਦੀਆਂ ਮਸ਼ਹੂਰ ਦੁਕਾਨਾਂ ਦੇ ਮਾਲਕ ਆਪਣੀਆਂ ਦੁਕਾਨਾਂ ਦੇ ਬਾਹਰ ਗੱਡੀਆਂ ਦੀਆਂ ਲੰਮੀਆਂ ਲੰਮੀਆਂ ਕਤਾਰਾਂ ਲਵਾਕੇ ਇਹ ਸਾਬਤ ਕਰਦੇ ਹਨ ਕਿ ਐਨੀ ਜਗ੍ਹਾ ਤਾਂ ਸਾਡੀ ਹੈ ਇਸ ਦਾ ਕੋਈ ਕੁਝ ਨਹੀਂ ਲੱਗਦਾ, ਇਸ ਤੋਂ ਇਲਾਵਾ ਇੱਥੋਂ ਦੇ ਕੋਠੀ ਰੋਡ, ਗੀਤਾ ਭਵਨ ਰੋਡ, ਸੁਨਿਆਰਾ ਬਾਜ਼ਾਰ 'ਚ ਦੁਕਾਨਦਾਰਾਂ ਵੱਲੋਂ ਦੁਕਾਨਾਂ ਦੇ ਬਾਹਰ ਲੰਬੀਆਂ-ਲੰਬੀਆਂ ਥੜ੍ਹੀਆਂ ਬਣਾਈਆਂ ਹੋਈਆਂ ਹਨ ਜਿਹੜੀਆਂ ਬਰਸਾਤ ਦੇ ਦਿਨਾਂ 'ਚ ਨਾਲੀਆਂ ਬੰਦ ਹੋਣ ਕਰ ਕੇ ਉਕਤ ਬਾਜ਼ਾਰਾਂ ਦੀਆਂ ਸੜਕਾਂ ਤੇ ਨਹਿਰ ਵਾਂਗ ਪਾਣੀ ਚੱਲਦਾ ਹੈ ਤੇ ਰਾਹਗੀਰਾਂ ਦਾ ਲੰਘਣਾ ਮੁਹਾਲ ਹੋ ਜਾਂਦਾ ਹੈ। ਇਨ੍ਹਾਂ ਸਮੱਸਿਆਵਾਂ ਨੂੰ ਲੈ ਕੇ ਨਗਰ ਕੌਂਸਲ ਨਵਾਂਸ਼ਹਿਰ ਅਤੇ ਨਵਾਂਸ਼ਹਿਰ ਪ੍ਰਸ਼ਾਸਨ ਪੂਰੀ ਤਰਾਂ ਘੂੜੀ ਨੀਂਦ ਸੁੱਤਾ ਹੋਇਆ ਨਜ਼ਰ ਆ ਰਿਹਾ ਹੈ। ਪਿਛਲੇ ਲੰਮੇ ਸਮੇਂ ਤੋਂ ਨਗਰ ਕੌਂਸਲ ਪ੍ਰਧਾਨ ਦੀ ਕੁਰਸੀ ਖਾਲੀ ਹੋਣ ਕਰਕੇ ਵੀ ਇਹ ਸਮੱਸਿਆ ਗੰਭੀਰ ਬਣੀ ਸੀ ਪਰ ਹੁਣ ਇਹ ਸੀਟ ਤੇ ਕਬਜਾ ਹੋਣ ਦੇ ਬਾਵਜੂਦ ਕੋਈ ਦ੍ਰਿੜ ਫੈਸਲਾ ਨਹੀਂ ਲਿਆ ਜਾ ਰਿਹਾ। ਕੁੱਝ ਨਾਮਵਰ ਦੁਕਾਨਦਾਰਾਂ ਦੀਆਂ ਦੁਕਾਨਾਂ ਮੂਹਰੇ ਖੜ੍ਹਦੇ ਵਾਹਨ ਵੀ ਟ੍ਰੈਫਿਕ ਨਿਯਮਾਂ 'ਚ ਵਿਘਨ ਪਾਉਂਦੇ ਹਨ ਪਰ ਉਨ੍ਹਾਂ ਵੱਲ ਨੂੰ ਟਰੈਫ਼?ਕ ਪੁਲਿਸ ਦੀ ਨਜ਼ਰ ਹੀ ਨਹੀਂ ਜਾਂਦੀ, ਜਦੋਂ ਇਸ ਸਬੰਧੀ ਏ ਡੀ ਸੀ ਅਵਨੀਤ ਕੌਰ ਨਾਲ ਫ਼ੋਨ ਤੇ ਪੱਖ ਜਾਨਣ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਵੱਲੋਂ ਫ਼ੋਨ ਨਹੀਂ ਚੁੱਕਿਆ ਗਿਆ।

ਆਪ ਦੇ ਤਿੰਨ ਵਿਧਾਇਕਾਂ ਦਾ ਭਾਜਪਾ ਵਿੱਚ ਸ਼ਾਮਲ ਹੋਣਾ ਪੰਜਾਬ ਸਰਕਾਰ ਦੀ ਨਾਕਾਮੀ ਦਾ ਸਬੂਤ : ਅਸ਼ੋਕ ਬਾਂਠ ਰੱਤੇਵਾਲ, ਸ਼ੁਭਾਸ਼ ਬਾਂਠ ਰੱਤੇਵਾਲ

ਪੈ.ਗਾਮ-ਏ-ਜਗਤ/ਨਵਾਂਸ਼ਹਿਰ
7 ਨਵੰਬਰ (ਜਤਿੰਦਰ ਪਾਲ ਸਿੰਘ ਕਲੇਰ)

ਭਾਜਪਾ ਦੇ ਸੀਨੀਅਰ ਆਗੂ ਅਤੇ ਸਾਬਕਾ ਜਿਲ੍ਹਾ ਪ੍ਰਧਾਨ ਅਸ਼ੋਕ ਬਾਂਠ ਰੱਤੇਵਾਲ (ਰਿਟਾਇਰਡ ਆਈ ਪੀ ਐਸ) ਅਤੇ ਸੀਨੀਅਰ ਭਾਜਪਾ ਆਗੂ ਸ਼ੁਭਾਸ਼ ਬਾਂਠ ਰੱਤੇਵਾਲ ਨੇ ਕਾਠਗੜ੍ਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਤਿੰਨ ਵਿਧਾਇਕਾਂ ਦੇ ਭਾਜਪਾ ਵਿੱਚ ਸ਼ਾਮਲ ਹੋਣ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਇਹ ਪੰਜਾਬ ਦੀ ਸਿਆਸਤ ਵਿੱਚ ਵੱਡਾ ਮੋੜ ਹੈ ਅਤੇ ਇਸ ਨਾਲ ਆਪ ਦੀ ਅੰਦਰੂਨੀ ਸਥਿਤੀ ਸਾਹਮਣੇ ਆ ਗਈ ਹੈ। ਉਨ੍ਹਾਂ ਕਿਹਾ ਕਿ ਬਦਲਾਅ ਅਤੇ ਇਮਾਨਦਾਰ ਰਾਜਨੀਤੀ ਦੇ ਵਾਅਦੇ ਕਰਕੇ ਸੱਤਾ ਵਿੱਚ ਆਈ ਪਾਰਟੀ ਦੇ ਆਪਣੇ ਹੀ ਆਗੂ ਹੁਣ ਉਸ ਦੀਆਂ ਨੀਤੀਆਂ ਤੋਂ ਨਿਰਾਸ਼ ਹੋ ਕੇ ਦੂਸਰੀਆਂ ਪਾਰਟੀਆਂ ਵੱਲ ਰਹੇ ਹਨ।



ਉਨ੍ਹਾਂ ਨੇ ਕਿਹਾ ਕਿ ਕੁੰਵਰ ਵਿਜੇ ਪ੍ਰਤਾਪ ਸਿੰਘ, ਚੇਤਨ ਸਿੰਘ ਜੌੜਾਮਾਜਰਾ ਅਤੇ ਹਰਮੀਤ ਸਿੰਘ ਪਠਾਨਮਾਜਰਾ ਵਰਗੇ ਆਗੂਆਂ ਦਾ ਭਾਜਪਾ ਨਾਲ ਜੁੜਨਾ ਆਪ ਲਈ ਵੱਡਾ ਸਿਆਸੀ ਝਟਕਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਬਦਲਾਅ ਦੀ ਆਸ ਨਾਲ ਸਰਕਾਰ ਨੂੰ ਮੌਕਾ ਦਿੱਤਾ ਸੀ, ਪਰ ਨਸ਼ਿਆਂ, ਬੇਰੁਜ਼ਗਾਰੀ, ਉਦਯੋਗਾਂ ਦੀ ਮੰਦੀ ਹਾਲਤ ਅਤੇ ਵਿਗੜ ਰਹੀ ਕਾਨੂੰਨ ਵਿਵਸਥਾ ਵਰਗੇ ਮੁੱਦੇ ਅੱਜ ਵੀ ਗੰਭੀਰ ਚੁਣੌਤੀ ਬਣੇ ਹੋਏ ਹਨ।

ਉਨ੍ਹਾਂ ਕਿਹਾ ਕਿ ਸਿਆਸਤ ਸਿਰਫ਼ ਇਸ਼ਤਿਹਾਰਾਂ, ਭਾਸ਼ਣਾਂ ਅਤੇ ਚੋਣ ਵਾਅਦਿਆਂ ਨਾਲ ਨਹੀਂ ਚੱਲਦੀ, ਸਗੋਂ ਸਰਕਾਰ ਦੀ ਕਾਰਗੁਜ਼ਾਰੀ ਜ਼ਮੀਨੀ ਪੱਧਰ 'ਤੇ ਦਿਖਾਈ ਦੇਣੀ ਚਾਹੀਦੀ ਹੈ। ਪੰਜਾਬ ਦੇ ਨੌਜਵਾਨ ਰੁਜ਼ਗਾਰ ਲਈ ਵਿਦੇਸ਼ਾਂ ਵੱਲ ਜਾ ਰਹੇ ਹਨ, ਵਪਾਰੀ ਵਰਗ ਸੁਰੱਖਿਆ ਨੂੰ ਲੈ ਕੇ ਚਿੰਤਤ ਹੈ ਅਤੇ ਨਸ਼ਿਆਂ ਦੀ ਸਮੱਸਿਆ ਸਮਾਜ ਲਈ ਗੰਭੀਰ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ। ਸਰਕਾਰ ਨੂੰ ਇਨ੍ਹਾਂ ਮੁੱਦਿਆਂ 'ਤੇ ਜਵਾਬਦੇਹ ਹੋਣਾ ਚਾਹੀਦਾ ਹੈ ਉਨ੍ਹਾਂ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਪੰਜਾਬ ਵਿੱਚ ਐਨ. ਡੀ.ਏ. ਦੀ ਸਰਕਾਰ ਬਣਾਉਣ ਦਾ ਸੰਕਲਪ ਸੂਬੇ ਲਈ ਨਵੀਂ ਉਮੀਦ ਹੈ। ਭਾਜਪਾ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ, ਨੌਜਵਾਨਾਂ ਨੂੰ ਰੁਜ਼ਗਾਰ ਦੇਣ, ਉਦਯੋਗਾਂ ਨੂੰ ਹੁਲਾਰਾ ਦੇਣ ਅਤੇ ਆਰਥਿਕਤਾ ਮਜ਼ਬੂਤ ਕਰਨ ਲਈ ਵਚਨਬੱਧ ਹੈ। ਪੰਜਾਬ ਨੂੰ ਅਜਿਹੀ ਸਰਕਾਰ ਦੀ ਲੋੜ ਜੋ ਸਿਰਫ਼ ਐਲਾਨ ਨਹੀਂ, ਸਗੋਂ ਨਤੀਜੇ ਦੇਵੇ।

ਚਾਰ ਸਾਲ ਦੀਆਂ ਦੋ ਬੱਚੀਆਂ ਦਾ ਕੌਰਨੀਅਲ ਟਰਾਂਸਪਲਾਂਟੇਸ਼ਨ ਕਰਵਾਇਆ : ਬੈਂਸ ਡਾਕਟਰ ਤਰਸੇਮ

ਪੈ.ਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

ਰੋਟਰੀ ਆਈ ਬੈਂਕ ਐਂਡ ਕੌਰਨੀਅਲ ਟਰਾਂਸਪਲਾਂਟੇਸ਼ਨ ਸੋਸਾਇਟੀ ਦੇ ਯਤਨਾਂ ਸਦਕਾ ਦੋ ਨੇਤਰਹੀਣ ਬੱਚੀਆਂ ਸਫ਼ਰਾ (ਉਮਰ ਚਾਰ ਸਾਲ ਪਿੰਡ ਡਘਾਮ) ਅਤੇ ਰਾਜਵੰਤੀ (ਉਮਰ ਚਾਰ ਸਾਲ ਪਿੰਡ ਬਾਗਵਾਈਂ) ਦਾ ਸਫ਼ਲ ਕੌਰਨੀਅਲ ਟਰਾਂਸਪਲਾਂਟੇਸ਼ਨ ਕੀਤਾ ਗਿਆ। ਇਸ ਮੌਕੇ ਕਮੇਟੀ ਮੈਂਬਰ ਸਮਾਜਸੇਵੀ ਦਲਜੀਤ ਸਿੰਘ ਬੈਂਸ ਖੁਰਦਾ, ਚੇਅਰਮੈਨ ਬਾਡੀ ਡੋਨੇਸ਼ਨ ਕਮੇਟੀ: ਡਾ. ਤਰਸੇਮ ਸਿੰਘ, ਪ੍ਰਧਾਨ ਤਹਿਸੀਲ ਗੜ੍ਹਸ਼ੰਕਰ: ਡਾ. ਲਖਵਿੰਦਰ ਕੁਮਾਰ, ਅਤੇ ਪਰਿਵਾਰਿਕ ਮੈਂਬਰ ਅਤੇ ਹੋਰ ਹਾਜ਼ਰ ਸਨ।



ਇਸ ਮੌਕੇ ਜਾਣਕਾਰੀ ਦਿੰਦਿਆਂ ਦਲਜੀਤ ਸਿੰਘ ਬੈਂਸ , ਡਾ. ਤਰਸੇਮ ਸਿੰਘ ਅਤੇ ਡਾ. ਲਖਵਿੰਦਰ ਕੁਮਾਰ ਨੇ ਕਿਹਾ ਕਿ ਕਿਸੇ ਬੱਚੇ ਨੂੰ ਦੁਬਾਰਾ ਇਸ ਖੂਬਸੂਰਤ ਦੁਨੀਆ ਨੂੰ ਦੇਖਣ ਦਾ ਮੌਕਾ ਦੇਣ ਨਾਲ ਉਸਦੇ ਨਾਲ-ਨਾਲ ਪੂਰੇ ਪਰਿਵਾਰ ਦੇ ਜੀਵਨ ਵਿੱਚ ਖੁਸ਼ੀਆਂ ਅਤੇ ਨਵੀਂ ਉਮੀਦ ਆਉਂਦੀ ਹੈ। ਸਮਾਜ 'ਚੋਂ ਅੰਨ੍ਹੇਪਣ ਨੂੰ ਖਤਮ ਕਰਨ ਅਤੇ ਲੋੜਵੰਦ ਲੋਕਾਂ ਦੀ ਮਦਦ ਕਰਨ ਵਿੱਚ ਅਜਿਹੀਆਂ ਸਮਾਜਿਕ ਸੰਸਥਾਵਾਂ ਅਤੇ ਦਾਨੀ ਸੱਜਣਾਂ ਦਾ ਯੋਗਦਾਨ ਬਹੁਤ ਮਹੱਤਵਪੂਰਨ ਹੈ। ਨੇਤਰਦਾਨ ਪ੍ਰਤੀ ਜਾਗਰੂਕਤਾਂ ਵਧਾਉਣਾ ਸਮੇਂ ਦੀ ਮੁੱਖ ਲੋੜ ਹੈ ਅਤੇ ਸਮਾਜ ਦੇ ਹਰੇਕ ਵਿਅਕਤੀ ਨੂੰ ਇਸ ਨੇਕ ਕਾਰਜ 'ਚ ਆਪਣਾ ਯੋਗਦਾਨ ਪਾਉਣ ਲਈ ਅੱਗੇ ਆਉਣਾ ਚਾਹੀਦਾ ਹੈ ਉਨ੍ਹਾਂ ਦੱਸਿਆ ਕਿ ਨੇਤਰਦਾਨ ਸੁਸਾਇਟੀ ਹੁਣ ਤੱਕ ਕੌਰੀਅਲ ਅੰਨ੍ਹੇਪਣ ਤੋਂ ਪੀੜਤ 4188 ਲੋਕਾਂ ਦਾ ਕੌਰਨੀਆ ਟਰਾਂਸਪਲਾਂਟ ਕਰਵਾ ਕੇ ਉਨ੍ਹਾਂ ਦੇ ਜੀਵਨ ਵਿਚ ਰੌਸ਼ਨੀ ਲਿਆ ਚੁੱਕੀ ਹੈ ਅਤੇ ਜੋ ਵਿਅਕਤੀ ਆਪਣੀਆਂ ਅੱਖਾਂ ਦਾ ਇਲਾਜ ਕਰਵਾਉਣਾ ਚਾਹੁੰਦੇ ਹਨ ਉਹ ਸੰਸਥਾ ਨਾਲ ਸੰਪਰਕ ਕਰ ਸਕਦੇ ਹਨ। ਇਸ ਮੌਕੇ ਚੇਅਰਮੈਨ ਬਾਡੀ ਡੋਨੇਸ਼ਨ ਕਮੇਟੀ ਡਾ. ਤਰਸੇਮ ਸਿੰਘ, ਪ੍ਰਧਾਨ ਤਹਿਸੀਲ ਗੜ੍ਹਸ਼ੰਕਰ, ਲਖਵਿੰਦਰ ਕੁਮਾਰ, ਸਮਾਜਸੇਵੀ ਦਲਜੀਤ ਸਿੰਘ ਬੈਂਸ ਖੁਰਦਾ , ਹਜੂਰਾ ਸਿੰਘ ਪੈਲੀ, ਓਂਕਾਰ ਸਿੰਘ ਚਾਹਲਪੁਰੀ ਅਤੇ ਬੱਚੀਆਂ ਦੇ ਪਰਿਵਾਰਕ ਮੈਂਬਰਾਂ ਅਤੇ ਹੋਰ ਹਾਜ਼ਰ ਸਨ।

ਸੁਰੱਖਿਅਤ ਅਤੇ ਵਾਤਾਵਰਣ-ਸੰਵੇਦਨਸ਼ੀਲ ਤਿਉਹਾਰ ਮਨਾਉਣ ਲਈ ਕੀਤਾ ਪ੍ਰੇਰਿਤ

ਬਟਾਲਾ 7 ਨਵੰਬਰ
(ਪੈ.ਗਾਮ-ਏ-ਜਗਤ)

ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਸ਼ੁੱਕਰਪੁਰਾ ਬਟਾਲਾ-2 ਵਲੋਂ ਤਿਉਹਾਰਾਂ ਮੌਕੇ "ਸੁਰੱਖਿਅਤ ਅਤੇ ਵਾਤਾਵਰਣ-ਸੰਵੇਦਨਸ਼ੀਲ ਦੀਵਾਲੀ" ਵਿਸ਼ੇ 'ਤੇ ਜਾਗਰੂਕ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪੋਸਟ ਵਾਰਡਨ ਹਰਬਖਸ਼ ਸਿੰਘ ਤੇ ਮਨਿੰਦਰ ਕੌਰ, ਸਿਵਲ ਡਿਫੈਂਸ, ਹੈਡ ਟੀਚਰ ਜੋਲੀ ਸੁਖਦੀਪ ਸਿੰਘ ਦੇ ਨਾਲ ਸਟਾਫ ਸਮੇਤ ਵਿਦਿਆਰਥੀ ਮੌਜੂਦ ਸਨ।



ਇਸ ਮੌਕੇ ਦਸਿਆ ਕਿ ਗਰੀਨ - ਕਲੀਨ - ਸੇਫ ਦਿਵਾਲੀ ਮਨਾਉਂਦੇ ਹੋਏ, ਪ੍ਰਸ਼ਾਸ਼ਨ ਵਲੋਂ ਜਾਰੀ ਹਦਾਇਤਾਂ ਤੇ ਸਮੇਂ ਦੀ ਪਾਲਣਾ ਕੀਤੀ ਜਾਵੇ। ਇਸ ਲਈ ਸੁਰੱਖਿਅਤ ਅਤੇ ਪ੍ਰਦੂਸ਼ਣ ਰਹਿਤ ਗਰੀਨ ਦਿਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ। ਅਗੇ ਉਹਨਾਂ ਵਲੋਂ ਗਰੀਨ ਪਟਾਕੇ ਚਲਾਉਂਦੇ ਸਮੇਂ ਅੱਗ ਦੀ ਰੋਕਥਾਮ ਅਤੇ ਸੁਰੱਖਿਆ ਸਬੰਧੀ ਸਾਵਧਾਨੀਆਂ ਬਾਰੇ ਦਸਿਆ ਜਿਵੇਂ ਕਿ ਪਟਾਕੇ ਹਮੇਸ਼ਾ ਖੁੱਲ੍ਹੀਆਂ ਥਾਵਾਂ 'ਤੇ ਚਲਾਓ ਅਤੇ ਬੱਚਿਆਂ ਨੂੰ ਪਟਾਕਿਆਂ ਤੋਂ ਦੂਰ ਰੱਖੋ। ਪਟਾਕੇ ਚਲਾਉਂਦੇ ਸਮੇਂ ਲਾਗੇ ਪਾਣੀ ਭਰੀ ਬਾਲਟੀ ਤੇ ਮੱਗਾ ਜਾਂ ਰੇਤ ਰੱਖੋ। ਪਟਾਕੇ ਕਦੀ ਵੀ ਘਰ ਦੇ ਅੰਦਰ ਜਾਂ ਤੰਗ ਗਲੀਆਂ, ਜਿਆਦਾ ਭੀੜ ਵਾਲੀਆਂ ਥਾਵਾਂ 'ਤੇ ਨਾ ਚਲਾਉ। ਮਾਸਕ ਦੀ ਵਰਤੋਂ ਕਰੋ। ਅੱਗ ਲੱਗਣ ਦੀ ਸਥਿਤੀ ਵਿੱਚ, ਤੁਰੰਤ ਫਾਇਰ ਬ੍ਰਿਗੇਡ ਬਟਾਲਾ ਨੂੰ ਨੰਬਰ 112 ਜਾਂ 91175 96801 'ਤੇ ਕਾਲ ਕਰੋ। ਆਪਣੇ ਆਲੇ ਦੁਆਲੇ ਵੀ ਧਿਆਨ ਰੱਖੋ ਕਿਸੇ ਅਣਗਿਹਲੀ ਕਾਰਣ, ਕੋਈ ਵੀ ਅਣਸੁਖਾਵੀਂ ਘਟਨਾ ਨਾ ਵਾਪਰੇ। ਇਸ ਮੌਕੇ ਅਧਿਆਪਕ ਹਰਪ੍ਰੀਤ ਸਿੰਘ, ਗੁਰਿੰਦਰ ਕੌਰ, ਚੰਦਾ ਕੁਮਾਰੀ, ਰਜਿੰਦਰ ਕੌਰ, ਅਮਨਜੋਤ ਕੌਰ, ਰਜਿੰਦਰਪਾਲ ਕੌਰ, ਅਰਸ਼ਦੀਪ ਕੌਰ, ਪ੍ਰਭਜੀਤ ਕੌਰ, ਅਮਰਜੀਤ ਕੌਰ, ਮਨਜੀਤ ਕੌਰ, ਮਨਦੀਪ ਕੌਰ ਵੀ ਮੌਜੂਦ ਸਨ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

15 ਜਨਵਰੀ ਤੱਕ ਮੁਕੰਮਲ ਹੋਵੇਗਾ ਨਿਊ ਹਰੋਲੀ ਵਿਕਾਸ ਪਥ : ਮੁਕੇਸ਼ ਅਗਨੀਹੋਤਰੀ

ਊਨਾ, 7 ਨਵੰਬਰ (ਪੈ.ਗਾਮ-ਏ-ਜਗਤ)

ਉਪ ਮੁੱਖ ਮੰਤਰੀ ਮੁਕੇਸ਼ ਅਗਨੀਹੋਤਰੀ ਨੇ ਕਿਹਾ ਕਿ ਰਾਮਪੁਰ ਪੁਲ ਤੋਂ ਹਰੋਲੀ ਜਲ ਭਵਨ ਤੱਕ ਬਣਾਏ ਜਾ ਰਹੇ ਨਿਊ ਹਰੋਲੀ ਵਿਕਾਸ ਪਥ ਦਾ ਕੰਮ 15 ਜਨਵਰੀ ਤੱਕ ਮੁਕੰਮਲ ਕਰ ਲਿਆ ਜਾਵੇਗਾ। ਵਿਕਾਸ ਪਥ 'ਤੇ ਜਲਦੀ ਹੀ

• ਨਿਊ ਹਰੋਲੀ ਵਿੱਚ ਲਗਭਗ 100 ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟ



ਲਾਈਟਾਂ ਲਗਾਈਆਂ ਜਾਣਗੀਆਂ, ਤਾਂ ਜੋ ਲੋਕ ਰਾਤ ਸਮੇਂ ਵੀ ਆਸਾਨੀ ਨਾਲ ਪੈਦਲ ਚੱਲ ਸਕਣ। ਸੜਕ ਨੂੰ ਦੋਵਾਂ ਪਾਸਿਆਂ ਤੋਂ ਚੌੜਾ ਕਰਨ ਤੋਂ ਬਾਅਦ ਪੈਦਲ ਚੱਲਣ ਲਈ ਸੁੰਦਰ ਰਸਤਾ ਬਣਾਇਆ ਜਾਵੇਗਾ। ਇੱਥੇ ਫੂਡ ਕੋਰਟ ਵੀ ਵਿਕਸਿਤ ਕੀਤਾ ਜਾਵੇਗਾ। ਰਾਮਪੁਰ ਪੁਲ ਤੋਂ ਜਲ ਭਵਨ ਤੱਕ ਸੜਕ ਕਿਨਾਰੇ ਸੁੰਦਰੀਕਰਨ 'ਤੇ 4 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ।

ਉਪ ਮੁੱਖ ਮੰਤਰੀ ਸ਼ੁੱਕਰਵਾਰ ਦੇਰ ਸ਼ਾਮ ਅਧਿਕਾਰੀਆਂ ਨਾਲ ਰਾਮਪੁਰ ਪੁਲ ਪਹੁੰਚੇ ਅਤੇ ਉੱਥੇ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਹੈਲੀਪੋਰਟ ਅਤੇ ਸਿੰਥੈਟਿਕ ਐਥਲੈਟਿਕਸ ਟਰੈਕ ਦੇ ਨਿਰਮਾਣ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਅਤੇ ਕੰਮ 'ਤੇ ਸੰਤੋਸ਼ ਪ੍ਰਗਟਾਇਆ। ਉਨ੍ਹਾਂ ਨੇ ਅਧਿਕਾਰੀਆਂ ਨੂੰ ਸਾਰੇ ਪ੍ਰੋਜੈਕਟਾਂ ਵਿੱਚ ਆਪਸੀ ਤਾਲਮੇਲ ਬਣਾਈ ਰੱਖਦਿਆਂ ਕੰਮ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਰੋੜਾ ਵਿਖੇ ਨਿਊ ਹਰੋਲੀ ਦੇ ਲਗਭਗ 100 ਕਰੋੜ ਰੁਪਏ ਦੇ ਪ੍ਰੋਜੈਕਟ ਨਿਰਮਾਣ ਅਧੀਨ ਹਨ ਜਾਂ ਪ੍ਰਸਤਾਵਿਤ ਹਨ। ਕਰੀਬ 22 ਕਰੋੜ ਰੁਪਏ ਦੀ ਲਾਗਤ ਨਾਲ ਆਧੁਨਿਕ ਹੈਲੀਪੋਰਟ ਬਣਾਇਆ ਜਾ ਰਿਹਾ ਹੈ। ਸਾਈਟ ਨੂੰ ਪੱਧਰਾ ਕਰਨ ਦਾ ਕੰਮ ਪੂਰਾ ਹੋ ਚੁੱਕਾ ਹੈ ਅਤੇ ਟਰਮੀਨਲ ਇਮਾਰਤ ਦੀ ਨੀਂਹ ਦਾ ਕੰਮ ਜਾਰੀ ਹੈ। ਇਸ ਪ੍ਰੋਜੈਕਟ ਨੂੰ ਅਪ੍ਰੈਲ 2028 ਤੱਕ ਪੂਰਾ ਕਰਨ ਦਾ ਟੀਚਾ ਹੈ। ਕਰੀਬ 10 ਕਰੋੜ ਰੁਪਏ ਦੀ ਲਾਗਤ ਨਾਲ ਸਿੰਥੈਟਿਕ ਐਥਲੈਟਿਕਸ ਟਰੈਕ ਦਾ ਨਿਰਮਾਣ ਵੀ ਜਾਰੀ ਹੈ। ਨਿਊ ਹਰੋਲੀ ਵਿੱਚ ਜ਼ਿਲ੍ਹਾ ਏਟੀਐਸ, ਸਾਬਕਾ ਸੈਨਿਕ ਭਵਨ, ਅਦਾਲਤੀ ਕੰਪਲੈਕਸ, ਇਨਡੋਰ ਸਟੇਡੀਅਮ, ਮੇਲਾ ਮੈਦਾਨ ਅਤੇ ਉਦਯੋਗ ਤੇ ਜਲ ਸ਼ਕਤੀ ਵਿਭਾਗ ਦੇ ਦਫ਼ਤਰ ਬਣਾਉਣ ਦੀ ਵੀ ਯੋਜਨਾ ਹੈ। ਉਪ ਮੁੱਖ ਮੰਤਰੀ ਨੇ ਕਿਹਾ ਕਿ ਨਿਊ ਹਰੋਲੀ ਨੂੰ ਆਧੁਨਿਕ ਸਹੂਲਤਾਂ ਅਤੇ ਯੋਜਨਾਬੱਧ ਵਿਕਾਸ ਨਾਲ ਇੱਕ ਨਵੇਂ ਕੇਂਦਰ ਵਜੋਂ ਵਿਕਸਿਤ ਕੀਤਾ ਜਾ ਰਿਹਾ ਹੈ।

ਡੀ.ਸੀ. ਜਤਿਨ ਲਾਲ ਨੇ ਪਰਿਵਾਰ ਸਮੇਤ ਪ੍ਰਵਾਸੀ ਬੱਚਿਆਂ ਨਾਲ ਮਨਾਈ ਦੀਵਾਲੀ ਦੀਆਂ ਖੁਸ਼ੀਆਂ

ਊਨਾ, 7 ਨਵੰਬਰ (ਪੈ.ਗਾਮ-ਏ-ਜਗਤ)

ਡਿਪਟੀ ਕਮਿਸ਼ਨਰ ਜਤਿਨ ਲਾਲ ਸ਼ਨੀਵਾਰ ਨੂੰ ਆਪਣੇ ਪਰਿਵਾਰ ਸਮੇਤ ਈਸਪੁਰ ਦੀ ਸਿੱਖਿਆ ਸੁਧਾਰ ਕਮੇਟੀ ਵੱਲੋਂ ਨੌਣ ਮੰਦਰ ਕੰਪਲੈਕਸ ਵਿਖੇ ਕਰਵਾਏ ਗਏ ਦੀਵਾਲੀ ਸਮਾਗਮ ਵਿੱਚ ਸ਼ਾਮਲ ਹੋਏ। ਉਨ੍ਹਾਂ ਨੇ ਕਮੇਟੀ ਦੇ ਗੈਰ-ਰਿਹਾਇਸ਼ੀ ਸਿਖਲਾਈ ਕੇਂਦਰਾਂ ਵਿੱਚ ਪੜ੍ਹ ਰਹੇ ਪ੍ਰਵਾਸੀ ਪਰਿਵਾਰਾਂ ਦੇ ਬੱਚਿਆਂ ਨਾਲ ਦੀਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਇਸ ਮੌਕੇ ਬੱਚਿਆਂ ਨੇ ਗੀਤਾਂ, ਸੱਭਿਆਚਾਰਕ ਪੇਸ਼ਕਾਰੀਆਂ ਅਤੇ ਮਨਮੋਹਕ ਰੰਗੋਲੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਡਿਪਟੀ ਕਮਿਸ਼ਨਰ ਦੇ ਨਾਲ ਉਨ੍ਹਾਂ ਦੀ ਮਾਤਾ ਕਮਲੇਸ਼ ਲਾਲ, ਪਤਨੀ ਡਾ. ਰੇਣੂ ਸਹਿਰਾਵਤ ਅਤੇ ਪੁੱਤਰ ਵਿਹਾਨ ਵੀ ਮੌਜੂਦ ਸਨ।

• ਨੌਣ ਮੰਦਰ ਵਿਖੇ ਪ੍ਰਵਾਸੀ ਬੱਚਿਆਂ ਦੀਆਂ ਰੰਗਾਰੰਗ ਪੇਸ਼ਕਾਰੀਆਂ ਨੇ ਬੰਨ੍ਹਿਆ ਸਮਾਂ, ਸਿੱਖਿਆ ਸੁਧਾਰ ਕਮੇਟੀ ਨੇ ਵੰਡੀ ਪੜ੍ਹਾਈ ਦੀ ਸਮੱਗਰੀ



ਬੱਚਿਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕਰਦਿਆਂ ਜਤਿਨ ਲਾਲ ਨੇ ਕਿਹਾ ਕਿ ਹਰ ਬੱਚੇ ਵਿੱਚ ਕੋਈ ਨਾ ਕੋਈ ਪ੍ਰਤਿਭਾ ਹੁੰਦੀ ਹੈ ਅਤੇ ਉਸ ਨੂੰ ਨਿਖਾਰਨ ਲਈ ਢੁੱਕਵੇਂ ਮੌਕੇ ਅਤੇ ਉਤਸ਼ਾਹ ਮਿਲਣਾ ਜ਼ਰੂਰੀ ਹੈ। ਉਨ੍ਹਾਂ ਨੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਰਚਨਾਤਮਕ ਗਤੀਵਿਧੀਆਂ ਵਿੱਚ ਵੀ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਵਿੱਚ ਅਨੁਸ਼ਾਸਨ, ਆਤਮ-ਵਿਸ਼ਵਾਸ ਅਤੇ ਅਗਵਾਈ ਦੀ ਸਮਰੱਥਾ ਵਿਕਸਿਤ ਕਰਨ ਵਿੱਚ ਸਹਾਇਕ ਹੁੰਦੀਆਂ ਹਨ।

ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਬੱਚਿਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀ ਪੜ੍ਹਾਈ ਅਤੇ ਸਿੱਖਿਆ ਨਾਲ ਜੁੜੀਆਂ ਸਮੱਸਿਆਵਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨੇ ਬੱਚਿਆਂ ਨੂੰ ਨਿਯਮਿਤ ਤੌਰ 'ਤੇ ਪੜ੍ਹਾਈ ਜਾਰੀ ਰੱਖਣ ਅਤੇ ਜੀਵਨ ਵਿੱਚ ਵੱਡੇ ਟੀਚੇ ਮਿੱਥਣ ਲਈ ਉਤਸ਼ਾਹਿਤ ਕੀਤਾ।

ਬੱਚਿਆਂ ਨਾਲ ਖੁਸ਼ੀਆਂ ਸਾਂਝੀਆਂ ਕਰਦਿਆਂ ਡਿਪਟੀ ਕਮਿਸ਼ਨਰ ਜਤਿਨ ਲਾਲ ਉਨ੍ਹਾਂ ਦੇ ਡਾਂਸ ਵਿੱਚ ਵੀ ਸ਼ਾਮਲ ਹੋਏ। ਉਨ੍ਹਾਂ ਦੀ ਇਸ ਸ਼ਮੂਲੀਅਤ ਨਾਲ ਬੱਚਿਆਂ ਦਾ ਉਤਸ਼ਾਹ ਹੋਰ ਵਧ ਗਿਆ। ਸਮਾਗਮ ਦੌਰਾਨ ਉਨ੍ਹਾਂ ਦੇ ਪੁੱਤਰ ਵਿਹਾਨ ਨੇ ਬੱਚਿਆਂ ਨਾਲ ਕੇਕ ਕੱਟਿਆ ਅਤੇ ਸਾਰੇ ਬੱਚਿਆਂ ਵਿੱਚ ਕੇਕ ਵੰਡਿਆ। ਸਮਾਗਮ ਵਿੱਚ ਸਿੱਖਿਆ ਸੁਧਾਰ ਕਮੇਟੀ ਵੱਲੋਂ ਗੈਰ-ਰਿਹਾਇਸ਼ੀ ਸਿਖਲਾਈ ਕੇਂਦਰਾਂ ਦੇ ਬੱਚਿਆਂ ਨੂੰ ਪੜ੍ਹਾਈ ਦੀ ਸਮੱਗਰੀ ਵੰਡੀ ਗਈ। ਕਮੇਟੀ ਦੇ ਸੰਸਥਾਪਕ ਓਪੀ ਡੋਗਰਾ ਨੇ ਬੱਚਿਆਂ ਦੀ ਸਿੱਖਿਆ ਅਤੇ ਉਤਸ਼ਾਹ ਲਈ 1 ਲੱਖ 25 ਹਜ਼ਾਰ ਰੁਪਏ ਦੀ ਰਕਮ ਭੇਟ ਕੀਤੀ। ਕਮੇਟੀ ਦੇ ਜਨਰਲ ਸਕੱਤਰ ਸੁੱਚਾ ਸਿੰਘ ਕੰਗ ਨੇ ਡਿਪਟੀ ਕਮਿਸ਼ਨਰ ਅਤੇ ਹੋਰ ਮਹਿਮਾਨਾਂ ਦਾ ਸਵਾਗਤ ਕੀਤਾ। ਉਨ੍ਹਾਂ ਦੱਸਿਆ ਕਿ ਕਮੇਟੀ ਲੋੜਵੰਦ ਅਤੇ ਪ੍ਰਵਾਸੀ ਪਰਿਵਾਰਾਂ ਦੇ ਬੱਚਿਆਂ ਨੂੰ ਸਿੱਖਿਆ ਦੀ ਮੁੱਖ ਧਾਰਾ ਨਾਲ ਜੋੜਨ ਦੇ ਉਦੇਸ਼ ਨਾਲ ਗੈਰ-ਰਿਹਾਇਸ਼ੀ ਸਿਖਲਾਈ ਕੇਂਦਰ ਚਲਾ ਰਹੀ ਹੈ। ਉਨ੍ਹਾਂ ਨੇ ਇਸ ਕਾਰਜ ਵਿੱਚ ਸਮਾਜ ਦੇ ਸਹਿਯੋਗ ਨੂੰ ਮਹੱਤਵਪੂਰਨ ਦੱਸਿਆ। ਇਸ ਮੌਕੇ ਸਤੀਸ਼ ਸ਼ਰਮਾ, ਮੋਹਨ ਸਿੰਘ ਜਸਵਾਲ, ਸਰਵਣ ਕੁਮਾਰ ਖੱਟਾ, ਅਸ਼ਵਨੀ, ਸੇਵਾਮੁਕਤ ਪ੍ਰਿੰਸੀਪਲ ਸ਼ਿਵ ਕੁਮਾਰ, ਕੈਪਟਨ ਹਰਮੇਸ਼, ਰਾਮਕ੍ਰਿਸ਼ਨ ਭੱਟੀ, ਸੁਰੇਸ਼ ਕੁਮਾਰ ਅਤੇ ਤਾਰਾ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਵੈਟਨਰੀ ਯੂਨੀਵਰਸਿਟੀ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਰਾਸ਼ਟਰੀ ਕਾਨਫਰੰਸ ਵਿੱਚ ਹਾਸਲ ਕੀਤੇ ਪ੍ਰਮੁੱਖ ਸਨਮਾਨ

ਲੁਧਿਆਣਾ 07 ਨਵੰਬਰ (ਪੈ.ਗਾਮ-ਏ-ਜਗਤ)



ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਿਜ਼ ਯੂਨੀਵਰਸਿਟੀ, ਲੁਧਿਆਣਾ ਦੇ ਵੈਟਨਰੀ ਸਾਇੰਸ ਕਾਲਜ ਦੇ 'ਪਸ਼ੂਧਨ ਉਤਪਾਦ ਤਕਨਾਲੋਜੀ' ਵਿਭਾਗ ਦੇ ਅਧਿਆਪਕਾਂ ਅਤੇ ਪੋਸਟ-ਗ੍ਰੈਜੂਏਟ ਵਿਦਿਆਰਥੀਆਂ ਨੇ 'ਐਸੋਸੀਏਸ਼ਨ ਆਫ਼ ਮੀਟ ਸਾਇੰਟਿਸਟਸ ਐਂਡ ਟੈਕਨੋਲੋਜਿਸਟਸ' ਦੇ 8ਵੇਂ ਸੰਮੇਲਨ ਵਿੱਚ ਕਈ ਵੱਕਾਰੀ ਸਨਮਾਨ ਪ੍ਰਾਪਤ ਕਰਕੇ ਯੂਨੀਵਰਸਿਟੀ ਦਾ ਮਾਣ ਵਧਾਇਆ ਹੈ। ਇਹ ਸਨਮਾਨ ਮਹਾਰਾਸ਼ਟਰ ਦੇ ਪਰਭਣੀ ਵਿਖੇ ਆਯੋਜਿਤ ÷ਟਿਕਾਊ ਅਤੇ ਨਵੀਨਕਾਰੀ ਭੋਜਨ ਅਤੇ ਮੀਟ ਪ੍ਰਣਾਲੀਆਂ: ਵਿਕਸਿਤ ਭਾਰਤ ਲਈ ਸੁਰੱਖਿਆ ਅਤੇ ਪੌਸ਼ਟਿਕਤਾ ਪ੍ਰਤੀ 'ਵਨ ਹੈਲਥ' (ਇੱਕ ਸਿਹਤ) ਪਹੁੰਚ÷ ਵਿਸ਼ੇ 'ਤੇ ਹੋਈ ਰਾਸ਼ਟਰੀ ਕਾਨਫਰੰਸ ਦੌਰਾਨ ਪ੍ਰਾਪਤ ਕੀਤੇ ਗਏ।

ਡਾ. ਰਾਜੇਸ਼ ਵੀ. ਵਾਘ ਨੂੰ ਮੀਟ ਵਿਗਿਆਨ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਖੋਜ ਅਤੇ ਵਿਕਾਸ ਲਈ ਦਿੱਤੇ ਗਏ ਯੋਗਦਾਨ ਬਦਲੇ, ਚੇਨਈ ਸਥਿਤ 'ਐਸੋਸੀਏਸ਼ਨ ਆਫ਼ ਮੀਟ ਸਾਇੰਟਿਸਟਸ ਐਂਡ ਟੈਕਨੋਲੋਜਿਸਟਸ' ਦੀ ਵੱਕਾਰੀ ਫੈਲੋਸ਼ਿਪ ਨਾਲ ਸਨਮਾਨਿਤ ਕੀਤਾ ਗਿਆ। ਡਾ. ਵਾਘ ਦੀ ਅਗਵਾਈ ਅਧੀਨ ਪੋਸਟ-ਗ੍ਰੈਜੂਏਟ ਵਿਦਿਆਰਥੀ, ਡਾ. ਰੁਸ਼ੀਕੇਸ਼ ਪਾਟਿਲ ਨੂੰ ਉਨ੍ਹਾਂ ਦੇ ਸ਼ਾਨਦਾਰ ਖੋਜ ਕਾਰਜ ਲਈ ਸਰਵਉੱਤਮ ਐਮ.ਵੀ.ਐਸ.ਸੀ. ਥੀਸਿਸ ਅਵਾਰਡ ਨਾਲ ਨਿਵਾਜਿਆ ਗਿਆ। ਇਸ ਤੋਂ ਇਲਾਵਾ, ਰਵਨੀਤ ਕੌਰ, ਰੁਸ਼ੀਕੇਸ਼ ਪਾਟਿਲ ਅਤੇ ਦੀਪਿਕਾ ਜਮਾਦਾਰ ਨੇ ' ਸਰਵਉੱਤਮ ਮੌਖਿਕ ਪੇਸ਼ਕਾਰੀ ਅਤੇ ਪੋਸਟਰ ਪੇਸ਼ਕਾਰੀ' ਦੇ ਪੁਰਸਕਾਰ ਹਾਸਲ ਕੀਤੇ, ਜੋ ਉਨ੍ਹਾਂ ਦੀ ਖੋਜ ਦੀ ਉੱਚ ਗੁਣਵੱਤਾ ਨੂੰ ਦਰਸਾਉਂਦੇ ਹਨ।

ਡਾ. ਰਾਜੇਸ਼ ਨੇ 'ਸਮਾਰਟਬਾਇਓਪੈਕ' ਪ੍ਰੋਜੈਕਟ-ਜੋ ਕਿ ਅਨੁਸੰਧਾਨ ਨੈਸ਼ਨਲ ਰਿਸਰਚ ਫਾਊਂਡੇਸ਼ਨ ਵੱਲੋਂ ਵਿੱਤੀ ਸਹਾਇਤਾ ਪ੍ਰਾਪਤ ਹੈ, ਦੇ ਤਹਿਤ ਕੀਤੀ ਗਈ ਆਪਣੀ ਖੋਜ ਲਈ 'ਸਰਵਉੱਤਮ ਮੌਖਿਕ ਪੇਸ਼ਕਾਰੀ ਸਨਮਾਨ' ਵੀ ਜਿੱਤਿਆ। ਇਸ ਪ੍ਰੋਜੈਕਟ ਵਿੱਚ ਉਹ ਡਾ. ਹੁਸਨਦੀਪ ਸਿੰਘ ਅਤੇ ਡਾ. ਅਪੂਰਵਾ ਸ਼ੇਖਰ ਦੇ ਨਾਲ ਸਹਿ-ਲੇਖਕ ਸਨ। ਇਹ ਪ੍ਰੋਜੈਕਟ ਪਸ਼ੂਧਨ ਉਤਪਾਦਾਂ ਲਈ ਅਜਿਹੇ ਨਵੀਨਕਾਰੀ , ਟਿਕਾਊ ਅਤੇ ਬੁੱਧੀ ਭਰਪੂਰ ਪੈਕੇਜਿੰਗ ਹੱਲ ਵਿਕਸਿਤ ਕਰਨ 'ਤੇ ਕੇਂਦਰਿਤ ਹੈ, ਜੋ ਗੁਣਵੱਤਾ ਨੂੰ ਬਿਹਤਰ ਬਣਾਉਣ ਅਤੇ ਭੋਜਨ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ ਮਦਦ ਕਰਦੇ ਹਨ।

ਡਾ. ਨਿਤਿਨ ਮਹਿਤਾ, ਪਸ਼ੂਧਨ ਉਤਪਾਦ ਤਕਨਾਲੋਜੀ ਵਿਭਾਗ ਦੇ ਮੁਖੀ ਨੇ ਪੁਰਸਕਾਰ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀਆਂ ਵਿਗਿਆਨਕ ਪ੍ਰਾਪਤੀਆਂ ਅਤੇ ਗੁਣਵੱਤਾ ਵਾਲੀ ਖੋਜ ਸਬੰਧੀ ਵਿਭਾਗ ਦੇ ਯੋਗਦਾਨ 'ਤੇ ਚਾਨਣਾ ਪਾਇਆ।

ਪੁਰਸਕਾਰ ਪ੍ਰਾਪਤ ਕਰਨ ਵਾਲਿਆਂ ਨੂੰ ਵਧਾਈ ਦਿੰਦੇ ਹੋਏ, ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ - ਕੁਲਪਤੀ ਨੇ ਉਨ੍ਹਾਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ ਅਤੇ ਰਾਸ਼ਟਰੀ ਪੱਧਰ 'ਤੇ ਯੂਨੀਵਰਸਿਟੀ ਦੀ ਅਕਾਦਮਿਕ ਅਤੇ ਖੋਜ ਸਾਖ ਨੂੰ ਵਧਾਉਣ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਸਰਾਹਿਆ। ਡਾ. ਸਵਰਨ ਸਿੰਘ ਰੰਧਾਵਾ, ਡੀਨ, ਕਾਲਜ ਆਫ਼ ਵੈਟਨਰੀ ਸਾਇੰਸ ਨੇ ਖੋਜ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ ਭੋਜਨ ਪੈਕੇਜਿੰਗ ਅਤੇ ਪਸ਼ੂਧਨ ਉਤਪਾਦਾਂ ਦੀ ਗੁਣਵੱਤਾ ਵਿੱਚ ਉੱਭਰ ਰਹੀਆਂ ਚੁਣੌਤੀਆਂ ਨੂੰ ਹੱਲ ਕਰਨ ਵਿੱਚ ਨਵੀਨਕਾਰੀ ਅਤੇ ਵਿਹਾਰਕ ਖੋਜ ਦੀ ਮਹੱਤਤਾ ਨੂੰ ਉਜਾਗਰ ਕੀਤਾ।

ਚੌਥਾ ਦਰਜਾ ਮੁਲਾਜਮਾਂ ਕੱਚਿਆਂ ਤੇ ਪੱਕਿਆ ਵੱਲੋਂ ਦਿਵਾਲੀ ਮੌਕੇ ਸਰਕਾਰ ਦਾ ਕੀਤਾ ਪਿੱਟ ਸਿਆਪਾ

ਪਟਿਆਲਾ, 07 ਨਵੰਬਰ (ਪੈ.ਗਾਮ-ਏ-ਜਗਤ)



ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਦੇ ਚੌਥਾ ਦਰਜਾ ਮੁਲਾਜਮਾਂ "ਕੱਚਿਆਂ ਅਤੇ ਪੱਕਿਆਂ"ਵੱਲੋਂ ਦਿਵਾਲੀ ਮੌਕੇ ਮੁੱਖ ਮੰਤਰੀ ਵਲੋਂ ਜਾਰੀ 3 ਪ੍ਰਤੀਸ਼ਤ ਡੀ.ਏ. ਦੀ ਕਿਸ਼ਤ ਨੂੰ ਤੋਹਫਾ ਕਹਿਣਾ ਇਹ ਮੁਲਾਜਮਾਂ "ਪੈਨਸ਼ਨਰਾਂ ਨਾਲ ਧੋਖਾ ਹੈ"ਲੰਮੇ ਸਮੇਂ ਤੋਂ ਆਊਟ ਸੋਰਸ ਤੇ ਸਮੁੱਚੇ ਕੱਚੇ ਕਰਮੀਆਂ ਸਮੇਤ ਸਕੀਮ ਕਰਮੀਆਂ ਨੂੰ ਕੋਈ ਰਾਹਤ ਨਾ ਦੇਣੀ ਤਨਖਾਹਾਂ ਵਿੱਚ ਵਾਧਾ ਨਾ ਕਰਨਾ, ਵਿਭਾਗਾਂ ਵਿੱਚ ਖਪਾਉਣ ਦੇ ਮੁੱਖ ਮੰਤਰੀ ਤੇ ਵਿੱਤ ਮੰਤਰੀ ਦੇ ਬਿਆਨ ਵਾਲਾ ਧੋਖਾ ਸਾਬਤ ਹੋਏ ਹਨ, ਸਰਕਾਰੀ ਤੇ ਅਰਧ ਸਰਕਾਰੀ ਦੇ ਤਕਰੀਬਨ 51 ਵਿਭਾਗਾਂ ਦਾ ਇੱਕ ਵੀ ਆਊਟ ਸੋਰਸ ਕਰਮਚਾਰੀ ਵਿਭਾਗ ਵਿੱਚ ਖਪਾਇਆ ਨਹੀਂ ਗਿਆ। ਆਮ ਆਦਮੀ ਸਰਕਾਰ ਇਸ ਧੋਖੇ ਵਿਰੁੱਧ ਮੁਲਾਜਮਾਂ ਨੇ ਇੱਥੇ ਕਾਲੇ ਚੋਗੇ ਪਾਕੇ ਪਿੱਟ ਸਿਆਪਾ ਕੀਤਾ, ਕਿਹਾ ਕਿ ਮੁਲਾਜਮਾਂ, ਪੈਨਸ਼ਨਰਾਂ, ਪੁਰਾਣੀ ਪੈਨਸ਼ਨ ਬਹਾਲੀ ਦੇ ਮਸਲਿਆਂ ਵਿੱਚ ਸਰਕਾਰ ਲਗਾਤਾਰ ਧੋਖਾ ਕਰਦੀ ਆ ਰਹੀ ਹੈ।

ਇਸ ਮੌਕੇ ਦਾ ਜਿਕਰ 2027 ਦੀ ਆਮ ਚੋਣਾਂ ਵਿੱਚ ਵੇਖਣ ਨੂੰ ਮਿਲੇਗਾ। ਦਿਵਾਲੀ ਜ਼ੋ ਪਹਿਲਾਂ ਜੋਰਦਾਰ ਸਰਕਾਰ ਵਿਰੁੱਧ ਨਾਅਰੇਬਾਜੀ ਕੀਤੀ ਗਈ ਤੇ ਨਾਰਾ ਬੁਲੰਦ ਕੀਤਾ ਗਿਆ ਕਿ ਰੋਜੀ—ਰੋਟੀ ਜ਼ੋ ਦੇ ਨਾ ਸਕੇ ਵੋਹ ਸਰਕਾਰ ਨਿਕੰਮੀ ਹੈ, ਜੋ ਸਰਕਾਰ ਨਿਕੰਮੀ ਹੈ ਉਹ ਸਰਕਾਰ ਬਦਲਣੀ ਹੈ, ਇਸ ਮੌਕੇ ਤੇ ਸਮੁੱਚੇ ਕੱਚੇ ਕਰਮੀਆਂ ਦੀ ਤਨਖਾਹਾਂ ਘੱਟੋ—ਘੱਟ 40000/— ਰੁਪਏ ਕਰਨ ਦੀ ਮੰਗ ਮੁੜ ਦੋਰਾਈ ਗਈ ਤੇ ਕਰਮੀਆਂ ਨੂੰ ਬਗੈਰ ਦੇਰੀ ਤੋਂ ਪੱਕਾ ਕਰਨ, ਪੁਰਾਣੀ ਪੈਨਸ਼ਨ ਬਹਾਲੀ, ਮਹਿੰਗਾਈ ਭੱਤਾ ਤੇ ਬਕਾਇਆ ਜਲਦੀ ਹੀ ਦੇਣ ਦੀ ਮੰਗ ਕੀਤੀ ਗਈ ਤੇ ਚੌਥਾ ਦਰਜਾ ਕਰਮਚਾਰੀਆਂ ਦਾ 2011 ਦਾ ਵਿਸ਼ੇਸ਼ ਸਲਾਨਾ ਤਰੱਕੀ ਬਹਾਲ ਕਰਨ ਦੀ ਮੰਗ ਵੀ ਜੋਰਦਾਰ ਓਠਾਈ ਗਈ ਤੇ ਯੂਨੀਅਨ ਦੇ 16 ਸੂੱਤਰੀ ਮੰਗਾਂ ਪੱਤਰ ਦਾ ਨਿਪਟਾਰਾ ਕਰਨ ਦੀ ਮੰਗ ਕੀਤੀ ਗਈ। ਪਿੱਟ—ਸਿਆਪਾ ਰੈਲੀ ਨੂੰ ਦਰਸ਼ਨ ਸਿੰਘ ਲੁਬਾਣਾ, ਰਾਮ ਲਾਲ ਰਾਮਾ, ਨੇ ਇਸ ਪ੍ਰੈਸ ਨੋਟ ਰਾਹੀਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਜੰਗਲਾਤ ਵਿਭਾਗ ਦੇ ਡੇਲੀਵੇਜਿਜ਼ ਕਰਮਚਾਰੀਆਂ ਨੂੰ ਰੈਗੂਲਰ ਕਰਨ ਸਮੇਂ ਸੇਵਾ ਦੇ ਦੋ ਸਾਲ ਘਟਾ ਕੇ ਸੇਵਾ ਨਿਵਿਰਤੀ 60 ਸਾਲ ਦੀ ਬਜਾਏ 58 ਸਾਲ ਕੀਤੀ ਹੈ ਤੇ ਇੱਕ ਵੱਡਾ ਧੋਖਾ ਇਨ੍ਹਾਂ ਕਾਮਿਆਂ ਨਾਲ ਇਹ ਕੀਤਾ ਗਿਆ ਕਿ ਮੌਜੂਦਾ ਇੱਕ 1650 ਨੇ ਕਿਹਾ ਸੀ ਘਟਾ ਕੇ ਹੁਣ 15000/— ਰੁਪਏ ਉੱਕਾ ਪੁੱਕਾ ਕੀਤੀ ਗਈ ਤੇ ਇਹ ਕਾਮਿਆਂ ਦਾ ਆਰਥਿਕ ਸ਼ੋਸ਼ਣ ਹੈ ਜਦੋਂ ਕਿ ਨਿਯਮਾਂ ਅਨੁਸਾਰ ਮੌਜੂਦਾ ਤਨਖਾਹ ਘਟਾਈ ਨਹੀ ਜਾ ਸਕਦੀ ਜ਼ੋ ਕਰਮਚਾਰੀ ਲੈ ਰਿਹਾ ਹੈ। ਇਸ ਮੌਕੇ ਸ਼ਿਵ ਚਰਨ, ਪ੍ਰਕਾਸ਼ ਲੁਬਾਣਾ, ਇੰਦਰਪਾਲ ਵਾਲਿਆ, ਬਲਵਿੰਦਰ ਸਿੰਘ, ਤਰਲੋਚਨ ਮਾੜੂ, ਸੁਭਾਸ਼, ਹਰਬੰਸ ਸਿੰਘ ਵਰਮਾ, ਰਾਜੇਸ਼ ਸੀ.ਐਮ.ਓ., ਧਰਮਿੰਦਰ, ਰਿਸ਼ਵ, ਦਰਸ਼ਨ ਸਿੰਘ ਮੱਲੇਵਾਲ, ਰਾਮ ਜ਼ੋਧਾ, ਅਜੇ ਹੈਪੀ, ਵਿੱਕੀ ਸਨੌਰ, ਜ਼ਸਵਿੰਦਰ, ਕਾਲਾ ਰਾਮ, ਬੁੱਧ ਰਾਮ, ਕਰਮਾ ਨਾਭਾ, ਪਵਨ ਕੁਮਾਰ, ਤਰਲੋਚਨ ਮੰਡੋਲੀ ਆਦਿ ਹਾਜਰ ਸਨ।

ਜ਼ਿਲ੍ਹਾ ਭਾਸ਼ਾ ਦਫ਼ਤਰ, ਐੱਸ.ਏ.ਐੱਸ. ਨਗਰ ਵੱਲੋਂ 'ਪੰਜਾਬੀ ਮਾਹ-2026' ਤਹਿਤ ਪ੍ਰੋ. ਹਰਪਾਲ ਸਿੰਘ ਪੰਨੂ ਨਾਲ 'ਰੂ-ਬ-ਰੂ' ਆਯੋਜਿਤ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 7 ਨਵੰਬਰ (ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਦੀ ਯੋਗ ਰਹਿਨੁਮਾਈ ਅਤੇ ਭਾਸ਼ਾ ਵਿਭਾਗ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ, ਐੱਸ.ਏ.ਐੱਸ. ਨਗਰ ਵੱਲੋਂ 'ਪੰਜਾਬੀ ਮਾਹ-2026' ਦੀ ਸਮਾਗਮ ਲੜੀ ਤਹਿਤ 'ਰੂ-ਬ-ਰੂ' ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਉੱਘੇ ਵਿਦਵਾਨ ਪ੍ਰੋ. ਹਰਪਾਲ ਸਿੰਘ ਪੰਨੂ ਨੇ ਬਤੌਰ ਮੁੱਖ ਵਕਤਾ ਸ਼ਿਰਕਤ ਕੀਤੀ।

• ਪੰਜਾਬੀ ਭਾਸ਼ਾ ਸਾਡੀ ਪਛਾਣ, ਇਤਿਹਾਸ ਅਤੇ ਸੱਭਿਆਚਾਰਕ ਵਿਰਸੇ ਦੀ ਵਾਹਕ ਹੈ: ਪ੍ਰੋ. ਹਰਪਾਲਪੰਨੂ



ਸਮਾਗਮ ਦਾ ਆਰੰਭ ਭਾਸ਼ਾ ਵਿਭਾਗ, ਪੰਜਾਬ ਦੀ ਵਿਭਾਗੀ ਧੁਨੀ 'ਧਨੁ ਲੇਖਾਰੀ ਨਾਨਕਾ' ਨਾਲ ਕੀਤਾ ਗਿਆ। ਖੋਜ ਅਫ਼ਸਰ ਡਾ. ਦਰਸ਼ਨ ਕੌਰ ਨੇ ਸਮੂਹ ਹਾਜ਼ਰੀਨ ਨੂੰ 'ਜੀ ਆਇਆਂ ਨੂੰ' ਆਖਦਿਆਂ ਕਿਹਾ ਕਿ ਪੰਜਾਬੀ ਮਾਹ ਮਨਾਉਣ ਦਾ ਉਦੇਸ਼ ਕੇਵਲ ਪੰਜਾਬੀ ਭਾਸ਼ਾ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੀ ਨਹੀਂ, ਸਗੋਂ ਪੰਜਾਬੀ ਸਾਹਿਤ ਅਤੇ ਸੱਭਿਆਚਾਰ ਦੀਆਂ ਅਮੀਰ ਪਰੰਪਰਾਵਾਂ ਨਾਲ ਨਵੀਂ ਪੀੜ੍ਹੀ ਦੀ ਸਾਂਝ ਨੂੰ ਹੋਰ ਮਜ਼ਬੂਤ ਕਰਨਾ ਵੀ ਹੈ। ਉਨ੍ਹਾਂ ਦੱਸਿਆ ਕਿ ਪ੍ਰੋ. ਹਰਪਾਲ ਸਿੰਘ ਪੰਨੂ ਨੇ ਵਿਸ਼ਵ-ਦਰਸ਼ਨ, ਇਤਿਹਾਸ ਅਤੇ ਸਿੱਖ-ਚਿੰਤਨ ਦੇ ਖੇਤਰ ਵਿੱਚ ਆਪਣੇ ਡੂੰਘੇ ਅਧਿਐਨ ਅਤੇ ਖੋਜਮਈ ਲੇਖਣੀ ਰਾਹੀਂ ਵਿਸ਼ੇਸ਼ ਪਛਾਣ ਸਥਾਪਿਤ ਕੀਤੀ ਹੈ।

ਇਸ ਉਪਰੰਤ ਮੁੱਖ ਵਕਤਾ ਪ੍ਰੋ. ਹਰਪਾਲ ਸਿੰਘ ਪੰਨੂ ਨੇ ਸਰੋਤਿਆਂ ਦੇ ਰੂ-ਬ-ਰੂ ਹੁੰਦਿਆਂ ਆਪਣੇ ਵਿਚਾਰਾਂ ਅਤੇ ਅਨੁਭਵਾਂ ਦੀ ਸਾਂਝ ਪਾਈ। ਉਨ੍ਹਾਂ ਪੰਜਾਬੀ ਭਾਸ਼ਾ, ਸਾਹਿਤ, ਇਤਿਹਾਸ, ਦਰਸ਼ਨ ਅਤੇ ਸਿੱਖ-ਚਿੰਤਨ ਨਾਲ ਜੁੜੇ ਵੱਖ-ਵੱਖ ਪਹਿਲੂਆਂ ਬਾਰੇ ਵਿਸਥਾਰ ਸਹਿਤ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਭਾਸ਼ਾ ਕਿਸੇ ਵੀ ਕੌਮ ਦੇ ਸੱਭਿਆਚਾਰਕ ਵਿਰਸੇ ਦਾ ਅਹਿਮ ਆਧਾਰ ਹੁੰਦੀ ਹੈ। ਆਪਣੀ ਮਾਤ-ਭਾਸ਼ਾ ਨਾਲ ਜੁੜੇ ਰਹਿਣ ਲਈ ਇਸ ਦੇ ਸਾਹਿਤ, ਇਤਿਹਾਸ ਅਤੇ ਗਿਆਨ-ਪਰੰਪਰਾਵਾਂ ਦਾ ਅਧਿਐਨ ਕਰਨਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਨੇ ਆਪਣੇ ਵਿਦਵਤਾ ਭਰਪੂਰ ਵਿਚਾਰਾਂ ਰਾਹੀਂ ਵੱਖ-ਵੱਖ ਸਾਹਿਤਕ ਅਤੇ ਦਾਰਸ਼ਨਿਕ ਸਰੋਕਾਰਾਂ ਬਾਰੇ ਸਰੋਤਿਆਂ ਨਾਲ ਸੰਵਾਦ ਰਚਾਇਆ। ਇਸ ਮੌਕੇ ਹਾਜ਼ਰ ਸਾਹਿਤ-ਪ੍ਰੇਮੀਆਂ, ਵਿਦਵਾਨਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਸਵਾਲ-ਜਵਾਬ ਸੈਸ਼ਨ ਦੌਰਾਨ ਮੁੱਖ ਵਕਤਾ ਨਾਲ ਵਿਚਾਰਾਂ ਦਾ ਖੁੱਲ੍ਹਾ ਆਦਾਨ-ਪ੍ਰਦਾਨ ਕੀਤਾ। ਪ੍ਰੋ. ਹਰਪਾਲ ਸਿੰਘ ਪੰਨੂ ਨੇ ਸਰੋਤਿਆਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਵਿਸਥਾਰਪੂਰਵਕ ਅਤੇ ਸਪੱਸ਼ਟ ਜਵਾਬ ਦਿੱਤੇ। ਸਮਾਗਮ ਦੇ ਅੰਤ ਵਿੱਚ ਜ਼ਿਲ੍ਹਾ ਭਾਸ਼ਾ ਦਫ਼ਤਰ ਵੱਲੋਂ ਪ੍ਰੋ. ਹਰਪਾਲ ਸਿੰਘ ਪੰਨੂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਡਾ. ਦਰਸ਼ਨ ਕੌਰ, ਖੋਜ ਅਫ਼ਸਰ ਨੇ ਹਾਜ਼ਰ ਮਹਿਮਾਨਾਂ ਅਤੇ ਸਰੋਤਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬੀ ਮਾਂ-ਬੋਲੀ, ਸਾਹਿਤ ਅਤੇ ਚਿੰਤਨ ਦੀ ਅਮੀਰੀ ਲਈ ਪ੍ਰੋ. ਹਰਪਾਲ ਸਿੰਘ ਪੰਨੂ ਦਾ ਯੋਗਦਾਨ ਸਦਾ ਯਾਦ ਰੱਖਿਆ ਜਾਵੇਗਾ। ਮੰਚ ਦਾ ਸੰਚਾਲਨ ਮੈਡਮ ਦਿਲਪ੍ਰੀਤ ਵੱਲੋਂ ਬਾਖ਼ੂਬੀ ਕੀਤਾ ਗਿਆ।

ਇਸ ਮੌਕੇ ਜ਼ਿਲ੍ਹਾ ਭਾਸ਼ਾ ਦਫ਼ਤਰ ਵੱਲੋਂ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ। ਇਸ ਰੂ-ਬ-ਰੂ ਸਮਾਗਮ ਵਿੱਚ ਕੇ.ਐੱਸ. ਗੁਰੂ (ਰਿਟਾ. ਆਈ.ਏ.ਐੱਸ.), ਪ੍ਰੋ. ਕੇਵਲਜੀਤ ਸਿੰਘ 'ਕੰਵਲ', ਮਨਦੀਪ ਰਿੰਪੀ, ਜਗਤਾਰ ਸਿੰਘ ਜੋਗ, ਐਡਵੋਕੇਟ ਪਰਮਿੰਦਰ ਸਿੰਘ ਗਿੱਲ, ਸੁਰਜੀਤ ਸੁਮਨ, ਦਿਲਾਵਰ ਸਿੰਘ, ਡਾ. ਜਗਮੋਹਨ ਸਿੰਘ, ਬਲਜੀਤ ਕੌਰ ਬੁੱਟਰ, ਅਮਰਜੀਤ ਸਿੰਘ ਧਨੋਆ, ਹਰਜਿੰਦਰ ਕੌਰ ਧਨੋਆ, ਧਰਮਿੰਦਰ ਸਿੰਘ, ਤਰਲੋਚਨ ਸਿੰਘ, ਲਖਵੀਰ ਸਿੰਘ, ਬਲਵਿੰਦਰ ਸਿੰਘ ਢਿੱਲੋਂ, ਮਨਜੀਤਪਾਲ ਸਿੰਘ, ਗੁਰਚਰਨ ਸਿੰਘ, ਜਤਿੰਦਰਪਾਲ ਸਿੰਘ, ਸੁਨੀਲਮ ਮੰਡ, ਮਨਜੀਤ ਸਿੰਘ ਅਤੇ ਸਟੈਨੋਗ੍ਰਾਫੀ ਦੇ ਸਿਖਿਆਰਥੀਆਂ ਨੇ ਵੀ ਸ਼ਿਰਕਤ ਕੀਤੀ।

ਰੋਟਰੀ ਕਲੱਬ ਅੰਬਾਲਾ ਨੇ ਸਭਿਆਚਾਰਕ ਪ੍ਰਦਰਸ਼ਨਾਂ, ਮਨੋਰੰਜਕ ਖੇਡਾਂ ਅਤੇ ਸੰਗੀਤ ਨਾਲ ਦੀਵਾਲੀ ਦੀ ਖ਼ੁਸ਼ੀ ਸਾਂਝੀ ਕੀਤੀ

ਪੈ.ਗਾਮ-ਏ-ਜਗਤ/ਅੰਬਾਲਾ 7 ਨਵੰਬਰ (ਆਰ.ਸਿੰਘ)



ਰੋਟਰੀ ਕਲੱਬ ਅੰਬਾਲਾ ਨੇ ਰੁਕਮਣੀ ਦੇਵੀ ਹਾਲ ਅੰਬਾਲਾ ਕੈਂਟ ਵਿਚ ਦੀਵਾਲੀ ਸਮਾਰੋਹ ਆਯੋਜਿਤ ਕੀਤਾ ਜਿਸ ਵਿਚ ਪਵਿੱਤਰਧਾਮ ਰੋਟਰੀ ਸਕੂਲ ਫਾਰ ਡੈਫ ਐਂਡ ਡੰਬ ਦੇ ਬੱਚਿਆਂ, ਅਧਿਆਪਕਾਂ ਤੇ ਸ਼ਹਿਰ ਦੇ ਪਤਵੰਤਿਆਂ ਦੇ ਨਾਲ 125 ਤੋਂ ਵੱਧ ਰੋਟਰੀ ਮੈਂਬਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੇ ਹਿੱਸਾ ਲਿਆ। ਪ੍ਰੋਗਰਾਮ ਦੇ ਸ਼ੁਰੂ ਵਿਚ ਕਲੱਬ ਦੇ ਪ੍ਰਧਾਨ ਡਾ. ਵਿਵੇਕ ਮਲਹੋਤਰਾ ਨੇ ਰੋਟਰੀ ਪਰੰਪਰਾ ਅਨੁਸਾਰ ਸਵਾਗਤੀ ਭਾਸ਼ਣ ਦਿੱਤਾ। ਇਸ ਤੋਂ ਬਾਅਦ ਪਵਿੱਤਰਧਾਮ ਰੋਟਰੀ ਸਕੂਲ ਦੇ ਗੁੰਗੇ ਅਤੇ ਬੋਲੇ ਵਿਦਿਆਰਥੀਆਂ ਨੇ ਸਵਾਗਤੀ ਨ੍ਰਿਤ ਪੇਸ਼ ਕੀਤਾ। ਜਸ਼ਨ ਦੀ ਮੁੱਖ ਖਿੱਚ ਸਕੂਲ ਦੇ ਬੱਚਿਆਂ ਦੁਆਰਾ ਪੇਸ਼ ਕੀਤੀ ਗਈ ਰਾਮਾਇਣ 'ਤੇ ਆਧਾਰਿਤ ਮਨਮੋਹਕ ਰਾਮ-ਲੀਲ੍ਹਾ ਸੀ। ਮੌਜੂਦ ਮੈਂਬਰਾਂ ਨੇ ਵਿਦਿਆਰਥੀਆਂ ਦੀ ਪ੍ਰਤਿਭਾ ਅਤੇ ਪ੍ਰਦਰਸ਼ਨ ਦੀ ਪ੍ਰਸ਼ੰਸਾ ਕੀਤੀ। ਰੋਟੇਰੀਅਨ ਕਨਿਕਾ ਜੈਨ ਨੇ ਮੰਚ ਸੰਚਾਲਨ ਕੀਤਾ ਅਤੇ ਵੱਖ-ਵੱਖ ਮਨੋਰੰਜਕ ਖੇਡਾਂ ਦਾ ਆਯੋਜਨ ਕੀਤਾ। ਸ਼੍ਰੀਮਤੀ ਮੋਹਿਨੀ ਗੁਪਤਾ ਨੇ ਤੰਬੋਲਾ ਖਿਡਾਇਆ। ਸੰਗੀਤਕ ਸ਼ਾਮ ਵਿੱਚ, ਮਹਿਮਾਨ ਗਾਇਕ ਪਵਨ ਚੋਪੜਾ (ਪਿਤਾ ਪਰਨਿਤੀ ਚੋਪੜਾ) ਸ਼੍ਰੀਮਤੀ ਮੰਜੂ ਅਰੋੜਾ, ਸ਼੍ਰੀਮਤੀ ਰਾਧਿਕਾ ਗਰੋਵਰ, ਸ਼੍ਰੀਮਤੀ ਰੂਪਾ ਅਤੇ ਰਾਹੁਲ ਭੂਟਾਨੀ ਨੇ ਸੁਰੀਲੇ ਗੀਤ ਪੇਸ਼ ਕੀਤੇ।

ਸਮਾਗਮ ਦੌਰਾਨ ਲੱਕੀ ਡਰਾਅ ਜੇਤੂਆਂ ਨੂੰ ਇਨਾਮ ਦਿੱਤੇ ਗਏ। ਸ਼੍ਰੀਮਤੀ ਕਨਿਕਾ ਨੂੰ ਸਮੇਂ ਦੀ ਪਾਬੰਦਤਾ ਲਈ ਇਨਾਮ ਦਿੱਤਾ ਗਿਆ। ਸ਼੍ਰੀਮਤੀ ਕਨਿਕਾ ਜੈਨ ਨੂੰ ਸ਼ਾਨਦਾਰ ਸਟੇਜ ਪ੍ਰਬੰਧਨ ਲਈ ਅਤੇ ਸ਼੍ਰੀਮਤੀ ਮੋਹਿਨੀ ਗੁਪਤਾ ਨੂੰ ਤੰਬੋਲਾ ਦੇ ਸਫਲ ਸੰਚਾਲਨ ਲਈ, ਪਵਿਤਰਧਾਮ ਸਕੂਲ ਦੇ ਵਿਦਿਆਰਥੀਆਂ ਨੂੰ ਸੱਭਿਆਚਾਰਕ ਪੇਸ਼ਕਾਰੀਆਂ ਲਈ ਵਿਸ਼ੇਸ਼ ਇਨਾਮ ਦਿੱਤੇ ਗਏ। ਰੋਟੇਰੀਅਨ ਰਵੀ ਧਵਨ, ਪ੍ਰੇਮ ਜੈਨ, ਡਾ. ਦੇਸ਼ ਬੰਧੂ ਅਤੇ ਸ਼੍ਰੀ ਪਵਨ ਚੋਪੜਾ ਨੇ ਡੈਫ ਐਂਡ ਡੰਬ ਸਕੂਲ ਦੇ ਇਨ੍ਹਾਂ ਬੱਚਿਆਂ ਦੇ ਵਿਕਾਸ ਲਈ ਸੰਸਥਾ ਨੂੰ ਲਗਭਗ 17,500 ਰੁਪਏ ਦਾਨ ਵਜੋਂ ਕੀਤੇ। ਸਮਾਰੋਹ ਦੌਰਾਨ ਸਾਰੇ ਮੈਂਬਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੇ ਦੀਵੇ ਜਗਾਏ ਅਤੇ ਦੀਵਾਲੀ ਦੀਆਂ ਖ਼ੁਸ਼ੀਆਂ ਸਾਂਝੀਆਂ ਕੀਤੀਆਂ। ਅੰਤ ਵਿੱਚ, ਕਲੱਬ ਸਕੱਤਰ ਡਾ. ਆਰ.ਆਰ. ਸੂਰੀ ਨੇ ਸਾਰੇ ਮਹਿਮਾਨਾਂ, ਮੈਂਬਰਾਂ, ਪ੍ਰਬੰਧਕਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ।

ਐਡਵਾਂਸਡ ਆਈ ਸੈਂਟਰ, ਪੀ.ਜੀ.ਆਈ., ਚੰਡੀਗੜ੍ਹ ਵੱਲੋਂ ਦੀਵਾਲੀ ਦੌਰਾਨ ਅੱਖਾਂ ਦੀਆਂ ਸੱਟਾਂ ਨਾਲ ਨਜਿੱਠਣ ਲਈ ਪੂਰੀ ਐਮਰਜੈਂਸੀ ਤਿਆਰੀ ਯਕੀਨੀ

ਚੰਡੀਗੜ੍ਹ, 7 ਨਵੰਬਰ (ਪੈ.ਗਾਮ-ਏ-ਜਗਤ)

ਉੱਤਰੀ ਭਾਰਤ ਦੇ ਇੱਕ ਪ੍ਰਮੁੱਖ ਸੰਸਥਾਨ ਵਜੋਂ, ਐਡਵਾਂਸਡ ਆਈ ਸੈਂਟਰ, ਪੀਜੀਆਈ, ਚੰਡੀਗੜ੍ਹ ਨੇ ਇਸ ਸਾਲ ਵੀ ਦੀਵਾਲੀ ਦੌਰਾਨ ਅੱਖਾਂ ਦੀਆਂ ਸੱਟਾਂ ਅਤੇ ਐਮਰਜੈਂਸੀ ਮਾਮਲਿਆਂ ਨਾਲ ਨਜਿੱਠਣ ਲਈ ਪੂਰੀ ਤਿਆਰੀ ਯਕੀਨੀ ਬਣਾਈ ਹੈ ਅਤੇ ਆਪਣੀ ਵਚਨਬੱਧਤਾ ਨੂੰ ਦੁਹਰਾਇਆ ਹੈ।

ਵਿਭਾਗ ਵੱਲੋਂ ਦੀਵਾਲੀ ਦੇ ਦਿਨਾਂ (08-11-2026 ਤੋਂ 10-11-2026 ਤੱਕ) ਹਰ ਤਰ੍ਹਾਂ ਦੀਆਂ ਅੱਖਾਂ ਨਾਲ ਸਬੰਧਤ ਐਮਰਜੈਂਸੀ ਸਥਿਤੀਆਂ ਨਾਲ ਚੌਵੀ ਘੰਟੇ ਨਜਿੱਠਣ ਲਈ ਡਾਕਟਰਾਂ ਅਤੇ ਸਟਾਫ ਦੀ ਇੱਕ ਵੱਖਰੀ ਸਮਰਪਿਤ ਟੀਮ ਬਣਾਈ ਗਈ ਹੈ। ਦੀਵਾਲੀ ਵਾਲੇ ਦਿਨ (08-11-2026) 20 ਸਮਰਪਿਤ ਡਾਕਟਰਾਂ ਦੇ ਨਾਲ-ਨਾਲ ਐਨੇਸਥੀਸੀਆ ਦੀ ਇੱਕ ਵੱਖਰੀ ਟੀਮ ਵੀ ਚੌਵੀ ਘੰਟੇ ਸੇਵਾਵਾਂ ਲਈ ਉਪਲਬਧ ਰਹੇਗੀ।

ਇਨ੍ਹਾਂ ਦਿਨਾਂ ਦੌਰਾਨ ਵੱਡੀਆਂ ਸਰਜਰੀਆਂ ਸਮੇਤ ਸਾਰੇ ਐਮਰਜੈਂਸੀ ਇਲਾਜ ਬਿਨਾਂ ਕਿਸੇ ਉਡੀਕ ਦੇ ਕੀਤੇ ਜਾਣਗੇ। ਸਰਜਰੀਆਂ ਲਈ ਲੋੜੀਂਦੀ ਸਮੱਗਰੀ ਪੀਜੀਆਈਐਮਈਆਰ ਵੱਲੋਂ ਮੁਫ਼ਤ ਮੁਹੱਈਆ ਕਰਵਾਈ ਜਾਵੇਗੀ। ਇਸ ਤੋਂ ਬਾਅਦ ਦੇ ਦਿਨਾਂ ਵਿੱਚ ਵੀ 20 ਤੋਂ ਵੱਧ ਡਾਕਟਰਾਂ ਦੀ ਟੀਮ ਐਮਰਜੈਂਸੀ ਸੇਵਾਵਾਂ ਪ੍ਰਦਾਨ ਕਰੇਗੀ, ਜਿਸ ਵਿੱਚ ਆਪ੍ਰੇਸ਼ਨ ਤੋਂ ਬਾਅਦ ਵਾਰਡ ਵਿੱਚ ਮਰੀਜ਼ਾਂ ਦੀ ਦੇਖਭਾਲ ਵੀ ਸ਼ਾਮਲ ਹੋਵੇਗੀ। ਪਿਛਲੇ ਪੰਜ ਸਾਲਾਂ ਦੇ ਅੰਕੜਿਆਂ ਅਨੁਸਾਰ, ਦੀਵਾਲੀ ਦੇ ਸੀਜ਼ਨ ਦੌਰਾਨ ਹਰ ਸਾਲ ਸਾਡੇ ਵਿਭਾਗ ਵਿੱਚ 60 ਤੋਂ ਵੱਧ ਮਾਮਲੇ ਸਾਹਮਣੇ ਆਏ। ਬਦਕਿਸਮਤੀ ਨਾਲ, ਇਨ੍ਹਾਂ ਵਿੱਚੋਂ 60-70 ਫ਼ੀਸਦੀ ਮਾਮਲਿਆਂ ਵਿੱਚ ਬਹੁਤ ਗੰਭੀਰ ਸੱਟਾਂ ਸਨ।

ਇਸ ਲਈ ਅਗਲੇ ਪੰਨੇ 'ਤੇ ਦੱਸੇ ਗਏ ਬਚਾਅ ਸਬੰਧੀ ਉਪਾਵਾਂ 'ਤੇ ਵਿਸ਼ੇਸ਼ ਜ਼ੋਰ ਦੇਣ ਅਤੇ ਉਨ੍ਹਾਂ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਹੈ। ਐਮਰਜੈਂਸੀ ਸੰਪਰਕ ਨੰਬਰ: ਮੋਬਾਈਲ: 9814014464 ਲੈਂਡਲਾਈਨ: 01722756117

ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਵਿਖੇ "ਸਬਜ਼ੀਆਂ ਦੀ ਸੁਰੱਖਿਅਤ ਖੇਤੀ ਅਤੇ ਨਰਸਰੀ ਉਤਪਾਦਨ" ਬਾਬਤ ਸਿਖਲਾਈ ਕੈਂਪ 10 ਨਵੰਬਰ ਤੋਂ ਸ਼ੁਰੂ

ਹੁਸ਼ਿਆਰਪੁਰ, 7 ਨਵੰਬਰ (ਪੈ.ਗਾਮ-ਏ-ਜਗਤ)

ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਨਜ਼ਦੀਕ ਮਾਹਿਲਪੁਰ, ਹੁਸ਼ਿਆਰਪੁਰ ਵੱਲੋਂ ਸਹਾਇਕ ਧੰਦਿਆਂ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਸਿਖਲਾਈ ਕੈਂਪ ਆਯੋਜਿਤ ਕੀਤੇ ਜਾਂਦੇ ਹਨ। ਇਸੇ ਲੜੀ ਅਧੀਨ "ਸਬਜ਼ੀਆਂ ਦੀ ਸੁਰੱਖਿਅਤ ਖੇਤੀ ਅਤੇ ਨਰਸਰੀ ਉਤਪਾਦਨ"ਬਾਰੇ ਪੰਜ ਦਿਨਾਂ ਕਿੱਤਾ-ਮੁੱਖੀ ਸਿਖਲਾਈ ਕੈਂਪ ਦਾ ਆਯੋਜਨ ਮਿਤੀ 10 ਤੋਂ 17 ਨਵੰਬਰ, 2026 ਨੂੰ ਕੀਤਾ ਜਾ ਰਿਹਾ ਹੈ।

ਇਸ ਬਾਰੇ ਡਾ: ਮਨਿੰਦਰ ਸਿੰਘ ਬੱਸ, ਸਹਿਯੋਗੀ ਨਿਰਦੇਸ਼ਕ (ਸਿਖਲਾਈ), ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਨੇ ਦੱਸਿਆ ਕਿ ਇਸ ਸਿਖਲਾਈ ਕੈਂਪ ਦਾ ਉਦੇਸ਼ ਕਿਸਾਨਾਂ ਅਤੇ ਕਿਸਾਨ ਬੀਬੀਆਂ ਨੂੰ ਸਿਖਲਾਈ ਦੇ ਕੇ ਇਸ ਕਿੱਤੇ ਨੂੰ ਸਵੈ-ਰੁਜ਼ਗਾਰ ਜਾਂ ਸਹਾਇਕ ਧੰਦੇ ਦੇ ਰੂਪ ਵਿੱਚ ਅਪਣਾਕੇ ਆਪਣੇ ਪਰਿਵਾਰਿਕ ਆਰਥਿਕ ਸਤਰ ਨੂੰ ਉੱਚਾ ਚੁੱਕਣ ਦੇ ਕਾਬਲ ਬਣਾਉਣਾ ਹੈ। ਡਾ: ਬੱਸ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਸਬਜ਼ੀਆਂ ਦੀ ਸੁਰੱਖਿਅਤ ਖੇਤੀ ਅਤੇ ਨਰਸਰੀ ਉਤਪਾਦਨ ਲਈ ਲੋੜੀਂਦੀ ਸਾਰੀ ਜਾਣਕਾਰੀ ਜਿਵੇਂ ਕਿ ਸਹੀ ਬੀਜ ਦੀ ਚੋਣ, ਨਰਸਰੀ ਲਈ ਕਿਆਰੀ ਤਿਆਰ ਕਰਨ,



ਨਵੀਆਂ ਸੁਰੰਗਾਂ ਵਿੱਚ ਸਬਜ਼ੀਆਂ ਦੀ ਸੁਰੱਖਿਅਤ ਖੇਤੀ ਅਤੇ ਸਬਜ਼ੀ ਉਤਪਾਦਨ ਲੈਂਦੀਆਂ ਆਧੁਨਿਕ ਤਕਨੀਕਾਂ ਸਬੰਧੀ ਸਿਖਲਾਈ ਦਿੱਤੀ ਜਾਵੇਗੀ। ਕੈਂਪ ਪੂਰਾ ਹੋਣ ਉਪਰੰਤ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਰਟੀਫਿਕੇਟ ਜਾਰੀ ਕੀਤਾ ਜਾਵੇਗਾ। ਕਿਸਾਨ 10 ਨਵੰਬਰ, 2026 ਨੂੰ ਅਪਾਰ ਕਾਰਡ ਦੀ ਕਾਪੀ ਅਤੇ ਪਾਸਪੋਰਟ ਸਾਈਜ਼ ਫੋਟੋ ਲੈ ਕੇ ਕੇਂਦਰ ਵਿਖੇ ਸਵੇਰੇ 10 ਵਜੇ ਪਹੁੰਚ ਸਕਦੇ ਹਨ। ਵਧੇਰੇ ਜਾਣਕਾਰੀ ਲਈ ਫੋਨ ਨੰਬਰ 99881 81540 ਤੇ ਸੰਪਰਕ ਕੀਤਾ ਜਾ ਸਕਦਾ ਹੈ।

ਰਯਾਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਧੂਮਧਾਮ ਨਾਲ ਸਜਿਆ ਦੀਵਾਲੀ ਕਾਰਨੀਵਲ ਸੱਭਿਆਚਾਰਕ ਰੰਗਾਂ ਅਤੇ ਮੁਕਾਬਲਿਆਂ ਨੇ ਬੰਨ੍ਹਿਆ ਸਮਾਂ

ਪੈ.ਗਾਮ-ਏ-ਜਗਤ ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਰਯਾਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਵਿਖੇ ਦੀਵਾਲੀ ਦਾ ਤਿਉਹਾਰ ਇੱਕ ਸ਼ਾਨਦਾਰ ਦੀਵਾਲੀ ਕਾਰਨੀਵਲ ਦੇ ਰੂਪ ਵਿੱਚ ਬੜੇ ਉਤਸ਼ਾਹ, ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮਾਂ, ਮੁਕਾਬਲਿਆਂ ਅਤੇ ਪ੍ਰਦਰਸ਼ਨੀਆਂ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ, ਅਧਿਆਪਕਾਂ ਅਤੇ ਸਟਾਫ਼ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਮਾਨਯੋਗ ਚਾਂਸਲਰ ਸ. ਗੁਰਵਿੰਦਰ ਸਿੰਘ ਬਾਹਰਾ ਨੇ ਸਮੂਹ ਵਿਦਿਆਰਥੀਆਂ ਅਤੇ ਸਟਾਫ਼ ਨੂੰ ਦੀਵਾਲੀ ਦੀਆਂ ਮੁਬਾਰਕਾਂ ਦਿੱਤੀਆਂ। ਉਨ੍ਹਾਂ ਨੇ ਕਿਹਾ ਕਿ ਦੀਵਾਲੀ ਦਾ ਤਿਉਹਾਰ ਹਨੇਰੇ 'ਤੇ ਚਾਨਣ ਅਤੇ ਬੁਰਾਈ 'ਤੇ ਸੱਚਾਈ ਦੀ ਜਿੱਤ ਦਾ ਪ੍ਰਤੀਕ ਹੈ। ਉਨ੍ਹਾਂ ਸਮੂਹ ਕੈਂਪਸ ਭਾਈਚਾਰੇ ਨੂੰ ਆਪਸੀ ਪਿਆਰ, ਸਹਿਯੋਗ ਅਤੇ ਨੇਕੀ ਦੀ ਭਾਵਨਾ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣ ਦਾ ਸੱਦਾ ਦਿੱਤਾ।

ਉਪ-ਕੁਲਪਤੀ (ਵਾਈਸ ਚਾਂਸਲਰ) ਡਾ. ਚੰਦਰ ਮੋਹਨ ਨੇ ਵੀ ਸਾਰਿਆਂ ਨੂੰ ਤਿਉਹਾਰ ਦੀ ਵਧਾਈ ਦਿੰਦਿਆਂ ਵਿਦਿਆਰਥੀਆਂ ਦੀ ਕਲਾ ਅਤੇ ਉਤਸ਼ਾਹ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਵਿਦਿਆਰਥੀਆਂ ਅੰਦਰ ਛੁਪੀ ਪ੍ਰਤਿਭਾ ਨੂੰ ਨਿਖਾਰਨ ਅਤੇ ਆਪਸੀ ਏਕਤਾ ਮਜ਼ਬੂਤ ਕਰਨ ਲਈ ਅਹਿਮ ਮੰਚ ਪ੍ਰਦਾਨ ਕਰਦੇ ਹਨ।

ਕਾਰਨੀਵਲ ਦੌਰਾਨ ਰੰਗੋਲੀ, ਮਹਿੰਦੀ, ਗਾਇਨ, ਡਾਂਸ ਮੁਕਾਬਲੇ ਅਤੇ ਬਾਲੀਵੁੱਡ ਮਾਡਲਿੰਗ ਸ਼ੋਅ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ। ਵਿਦਿਆਰਥੀਆਂ ਵੱਲੋਂ ਦਸਤਕਾਰੀ, ਖੇਡਾਂ ਅਤੇ ਖਾਣ-ਪੀਣ ਦੇ ਸਟਾਲ ਵੀ ਲਗਾਏ ਗਏ।

ਇਸ ਦੌਰਾਨ ਸੋਲਿਸ ਵੈਲਨੈੱਸ (ਸੋਨਾਲੀਕਾ ਗਰੁੱਪ ਆਫ਼ ਇੰਡਸਟਰੀਜ਼) ਦੀ ਸੰਸਥਾਪਕ ਮੈਂਬਰ ਸ਼੍ਰੀਮਤੀ ਸਤੀਸ਼ ਸਿਲਹੀ ਉੱਪਲ ਅਤੇ ਸ਼੍ਰੀ ਧਰਮਵੀਰ ਤਿਵਾਰੀ ਵੱਲੋਂ ਭਗਤੀ ਸੰਗੀਤ ਅਤੇ ਭਜਨ ਜੈਮਿੰਗ ਸੈਸ਼ਨ ਪੇਸ਼ ਕੀਤਾ ਗਿਆ, ਜਿਸ ਨੇ ਮਾਹੌਲ ਨੂੰ ਰੂਹਾਨੀ ਬਣਾ ਦਿੱਤਾ। ਇਸ ਮੌਕੇ ਕੌਮੀ ਪੱਧਰ 'ਤੇ ਯੋਗਾ ਵਿੱਚ ਸੋਨ ਤਗਮਾ ਜਿੱਤਣ ਵਾਲੀ ਯੂਨੀਵਰਸਿਟੀ ਦੀ ਵਿਦਿਆਰਥਣ ਕ੍ਰਾਂਤੀ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ ਗਿਆ।

ਮੁਕਾਬਲਿਆਂ ਦੇ ਨਤੀਜੇ

ਰੰਗੋਲੀ: ਪਹਿਲਾ ਸਥਾਨ: ਆਰਜ਼ੂ ਮਲਿਕ, ਵਿਸ਼ਾਲੀ, ਬਲਪ੍ਰੀਤ ਕੌਰ ਅਤੇ ਮਹਿਮਾ ਸੈਣੀ; ਦੂਜਾ ਸਥਾਨ: ਅਲੀਸ਼ਾ; ਤੀਜਾ ਸਥਾਨ: ਮੀਨਾਕਸ਼ੀ, ਨਿਕਸ਼ਾ ਅਤੇ ਲਵਲੀਨ ਕੌਰ।

ਗਾਇਨ: ਪਹਿਲਾ ਸਥਾਨ: ਸੰਜਨਾ ਸਰੋਗ; ਦੂਜਾ ਸਥਾਨ: ਭੁਪਿੰਦਰ; ਤੀਜਾ ਸਥਾਨ: ਮਿਲਨ ਸਿੰਘ।

ਡਾਂਸ: ਪਹਿਲਾ ਸਥਾਨ: ਹਸ਼ਮੀਤ ਹਰਮਨ; ਦੂਜਾ ਸਥਾਨ: ਰਾਜਵੀਰ ਕੌਰ ਅਤੇ ਨਮਰਤਾ ਡਡਵਾਲ; ਤੀਜਾ ਸਥਾਨ: ਸ਼ਿਵਾਨੀ ਗੁਰੂੰਗ, ਸੁਕ੍ਰਿਤੀ ਅਤੇ ਆਸ਼ਨਾ।

ਮਹਿੰਦੀ: ਪਹਿਲਾ ਸਥਾਨ: ਮਨਪ੍ਰੀਤ ਕੌਰ; ਦੂਜਾ ਸਥਾਨ: ਲਵਪ੍ਰੀਤ; ਤੀਜਾ ਸਥਾਨ: ਸਿਮਰਨ।

ਫੂਡ ਸਟਾਲ: ਪਹਿਲਾ ਸਥਾਨ: ਲਿਟਲ ਬਾਈਟਸ ਬੇਕਰੀ (ਪ੍ਰਾਨਵੀ, ਮਨਪ੍ਰੀਤ ਅਤੇ ਦਿਵਿਆਂਸ਼ੀ); ਦੂਜਾ ਸਥਾਨ: ਚਟਪਟਾ ਕਲੱਬ (ਅਭਿਨਾਸ਼, ਮਨੀਸ਼ ਕੁਮਾਰ, ਮਨਪ੍ਰੀਤ ਕੌਰ ਅਤੇ ਵਿਨੀਤ ਹੰਸ); ਤੀਜਾ ਸਥਾਨ: ਸੈਂਡਵਿਚ ਸਟਾਲ (ਸੁਖਵਿੰਦਰ ਸਿੰਘ, ਸੰਦੀਪ ਕੌਰ, ਪ੍ਰੀਤਿਕਾ, ਪ੍ਰਿਆ ਅਤੇ ਵਰਿੰਦਰਪ੍ਰੀਤ)।

ਪ੍ਰੋਗਰਾਮ ਦੇ ਅੰਤ ਵਿੱਚ ਕਲਚਰਲ ਕਨਵੀਨਰ ਡਾ. ਮਨਿੰਦਰ ਪਾਲ ਸਿੰਘ ਨੇ ਚਾਂਸਲਰ, ਵਾਈਸ ਚਾਂਸਲਰ, ਮਹਿਮਾਨਾਂ ਅਤੇ ਪ੍ਰਬੰਧਕੀ ਟੀਮ ਦਾ ਧੰਨਵਾਦ ਕੀਤਾ। ਸਮਾਗਮ ਦੀ ਸਮਾਪਤੀ ਓਪਨ ਡੀ.ਜੇ. ਨਾਲ ਹੋਈ, ਜਿਸ 'ਤੇ ਵਿਦਿਆਰਥੀਆਂ ਨੇ ਖ਼ੂਬ ਆਨੰਦ ਮਾਣਿਆ।